World Punjabi News Network
WORLD PUNJABI ਪੰਜਾਬੀ | ਪੰਜਾਬੀ NEWS
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਸਰਕਾਰ ਖ਼ਿਲਾਫ਼ ਕਿਸਾਨ ਸੰਸਦ ਭਲਕੇ ਲਿਆਵੇਗੀ ਬੇਭਰੋਸਗੀ ਮਤਾ



ਨਵੀਂ ਦਿੱਲੀ। ਕਿਸਾਨ ਸੰਸਦ ਨੇ ਅੱਜ ਤਿੰਨ ਖੇਤੀ ਕਾਨੂੰਨਾਂ ਦੇ ਨਾਲ ਨਾਲ ਹਵਾ ਪ੍ਰਦੂਸ਼ਣ ਤੇ ਬਿਜਲੀ ਬਾਰੇ ਪ੍ਰਸਤਾਵਿਤ ਬਿੱਲ ਵਿਰੁੱਧ ਮਤਾ ਪਾਸ ਕਰਨ ਤੋਂ ਬਾਅਦ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਮੋੜਿਆ। ਇਸ ਸਬੰਧੀ ਅੱਜ ਕਿਸਾਨ ਸੰਸਦ ’ਚ ਇੱਕ ਬਿੱਲ ਪੇਸ਼ ਕੀਤਾ ਗਿਆ, ਜੋ ਪੰਜ ਉਦੇਸ਼ਾਂ ਨੂੰ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਦਾ ਹੈ। ਪੰਜ ਉਦੇਸ਼ਾਂ ਵਿੱਚ ਲਾਗਤ ਅਨੁਮਾਨਾਂ ’ਚ ਸੁਧਾਰ ਕਰਨਾ, ਇਹ ਸੁਨਿਸ਼ਚਿਤ ਕਰਨਾ ਕਿ ਐੱਮਐੱਸਪੀ ਫਾਰਮੂਲਾ ਉਤਪਾਦਨ ਦੀ ਲਾਗਤ ਤੋਂ ਘੱਟੋ ਘੱਟ 50 ਫ਼ੀਸਦੀ ਨਿਰਧਾਰਤ ਕੀਤਾ ਗਿਆ ਹੈ, ਸਰਕਾਰ ਦੁਆਰਾ 50 ਫ਼ੀਸਦੀ ਖਰੀਦ ਗਾਰੰਟੀ ਨਾਲ ਕੰਮ ਕਰਨਾ, ਸਰਕਾਰ ਵੱਲੋਂ ਬਿਹਤਰ ਮਾਰਕੀਟ ਦਖ਼ਲਅੰਦਾਜ਼ੀ ਤੇ ਇਹ ਸੁਨਿਸ਼ਚਿਤ ਕਰਨਾ ਕਿ ਵਪਾਰੀਆਂ ਵੱਲੋਂ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਅਦਾ ਕਰਨ ਦੀ ਲੋੜ ਹੈ, ਸ਼ਾਮਲ ਹਨ। ਵੱਖ ਵੱਖ ਮੁੱਦਿਆਂ ’ਤੇ ਭਲਕੇ ਵੀ ਬਹਿਸ ਜਾਰੀ ਰਹੇਗੀ ਤੇ ਆਉਂਦੇ ਸ਼ੁੱਕਰਵਾਰ ਨੂੰ ਕਿਸਾਨ ਸੰਸਦ ਸਰਕਾਰ ਖ਼ਿਲਾਫ਼ ਅਵਿਸ਼ਵਾਸ ਮਤਾ ਲਿਆਵੇਗੀ।

ਸੰਯੁਕਤ ਕਿਸਾਨ ਮੋਰਚੇ ਦੀ ਜਨਰਲ ਅਸੈਂਬਲੀ ਨੇ 15 ਅਗਸਤ ਨੂੰ ਦੇਸ਼ ਭਰ ਵਿੱਚ ‘ਕਿਸਾਨ-ਮਜ਼ਦੂਰ ਆਜ਼ਾਦੀ ਸੰਗਰਾਮ’ ਦਿਵਸ ਵਜੋਂ ਮਨਾਉਣ ਦਾ ਫ਼ੈਸਲਾ ਲਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਕਿਸਾਨ 15 ਅਗਸਤ ਤੱਕ ਸਰਕਾਰੀ ਝੰਡਾ ਲਹਿਰਾਉਣ ਦੀ ਰਸਮ ਜਾਂ ਰਾਸ਼ਟਰੀ ਝੰਡੇ ਨਾਲ ਕਿਸੇ ਵੀ ਮਾਰਚ ਦਾ ਵਿਰੋਧ ਨਹੀਂ ਕਰਨਗੇ। ਸੰਯੁਕਤ ਕਿਸਾਨ ਮੋਰਚੇ ਨੇ 10 ਅਗਸਤ ਨੂੰ ਸਾਰੇ ਧਰਨਾ ਸਥਾਨਾਂ ’ਤੇ ਤੀਆਂ ਮਨਾਉਣ ਦਾ ਸੱਦਾ ਦਿੱਤਾ ਹੈ।

## ਕਿਸਾਨਾਂ ਨੂੰ ਸਿਆਸਤਦਾਨਾਂ ਤੋਂ ਸੁਚੇਤ ਰਹਿਣ ਦਾ ਸੱਦਾ



ਚੰਡੀਗੜ੍ਹ। ਪੰਜਾਬ ਦੇ ਸੰਘਰਸ਼ੀ ਅਖਾੜਿਆਂ ਤੋਂ ਕਿਸਾਨ ਬੁਲਾਰਿਆਂ ਨੇ ਚੋਣਾਂ ਨੇੜੇ ਆਉਣ ’ਤੇ ਗਿਰਗਟ ਵਾਂਗ ਰੰਗ ਬਦਲਣ ਵਾਲੇ ਸਿਆਸਤਦਾਨਾਂ ਤੋਂ ਸੁਚੇਤ ਰਹਿਣ ਦਾ ਸੱਦਾ ਦਿੱਤਾ ਹੈ। ਸੂਬੇ ਵਿੱਚ 32 ਕਿਸਾਨ ਜਥੇਬੰਦੀਆਂ ਵੱਲੋਂ ਭਾਰਤੀ ਜਨਤਾ ਪਾਰਟੀ ਨਾਲ ਸਬੰਧਤ ਨੇਤਾਵਾਂ, ਰੇਲਵੇ ਸਟੇਸ਼ਨਾਂ ਦੇ ਪਾਰਕਾਂ, ਟੋਲ ਪਲਾਜ਼ਿਆਂ, ਅੰਬਾਨੀ ਅਤੇ ਅਡਾਨੀ ਟਿਕਾਣਿਆਂ ਅਤੇ ਪੈਟਰੋਲ ਪੰਪਾਂ ਸਮੇਤ ਸਵਾ ਸੌ ਤੋਂ ਵੱਧ ਥਾਵਾਂ ’ਤੇ ਚੱਲ ਰਹੇ ਧਰਨਿਆਂ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਜਦੋਂ ਵੀ ਵਿਧਾਨ ਸਭਾ ਜਾਂ ਲੋਕ ਸਭਾ ਨੇੜੇ ਚੋਣਾਂ ਹੁੰਦੀਆਂ ਹਨ ਤਾਂ ਸਿਆਸੀ ਪਾਰਟੀਆਂ ਲੋਕਾਂ ਨੂੰ ਵਰਗਲਾਉਣ ਲਈ ਝੂਠ ਤੇ ਫਰੇਬ ਦਾ ਸਹਾਰਾ ਲੈਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਮੇਤ 5 ਸੂਬਿਆਂ ਦੀਆਂ ਚੋਣਾਂ ਸਿਰ ’ਤੇ ਹਨ, ਇਸ ਲਈ ਸਿਆਸੀ ਪਾਰਟੀਆਂ ਨੇ ਚੋਗਾ ਪਾਉਣਾ ਸ਼ੁਰੂ ਕਰ ਦਿੱਤਾ ਹੈ। ਸੰਘਰਸ਼ੀ ਅਖਾੜਿਆਂ ’ਚ ਬਿਜਲੀ ਸੋਧ ਬਿੱਲ ਬਾਰੇ ਗੱਲ ਕਰਦਿਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਇਸ ਬਿੱਲ ਨੂੰ ਕਾਨੂੰਨ ਦਾ ਰੂਪ ਦੇਣਾ ਚਾਹੁੰਦੀ ਹੈ, ਜਦੋਂਕਿ ਕਿਸਾਨਾਂ ਨਾਲ ਹੋਈ ਗੱਲਬਾਤ ਦੌਰਾਨ ਅਜਿਹਾ ਨਾ ਕਰਨ ਦਾ ਵਾਅਦਾ ਕਰ ਚੁੱਕੀ ਹੈ। ਆਗੂਆਂ ਨੇ ਕਿਹਾ ਕਿ ਕਿਸਾਨ ਇਸ ਬਿੱਲ ਨੂੰ ਕਦੇ ਵੀ ਲਾਗੂ ਨਹੀਂ ਹੋਣ ਦੇਣਗੇ।

## ਡਾਕਟਰਾਂ ਨੇ ਰਿਕਸ਼ੇ ਚਲਾ ਕੇ ਕੀਤਾ ਰੋਸ ਪ੍ਰਦਰਸ਼ਨ

ਫ਼ਰੀਦਕੋਟ। ਇੱਥੇ ਫ਼ਰੀਦਕੋਟ ਜ਼ਿਲ੍ਹੇ ਦੇ ਸਰਕਾਰੀ ਡਾਕਟਰਾਂ ਨੇ ਸ਼ਹਿਰ ਵਿੱਚ ਰਿਕਸ਼ੇ ਚਲਾ ਕੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਰੋਸ ਪ੍ਰਦਰਸ਼ਨ ਕੀਤਾ। ਪਿਛਲੇ ਕਰੀਬ 40 ਦਿਨ ਤੋਂ ਚੱਲ ਰਹੇ ਰੋਸ ਪ੍ਰਦਰਸ਼ਨ ਨੂੰ ਡਾਕਟਰਾਂ ਨੇ ਵਿਆਪਕ ਪੱਧਰ ’ਤੇ ਫੈਲਾਉਣ ਦਾ ਐਲਾਨ ਕੀਤਾ ਹੈ। ਡਾ. ਚੰਦਰ ਸ਼ੇਖਰ ਕੱਕੜ, ਡਾ. ਵਿਸ਼ਵਦੀਪ, ਡਾ. ਰਾਜੀਵ ਭੰਡਾਰੀ, ਡਾ. ਹਰਿੰਦਰ ਗਾਂਧੀ, ਪਰਮਜੀਤ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਨੂੰ ਉਜਾੜਨਾ ਚਾਹੁੰਦੀ ਹੈ, ਇਸੇ ਕਰਕੇ ਸਰਕਾਰੀ ਡਾਕਟਰਾਂ ਦਾ ਐੱਨਪੀਏ ਬੰਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਕੰਮ ਕਰ ਰਹੇ ਡਾਕਟਰਾਂ ਨੂੰ ਪੈਨਸ਼ਨ ਦੀ ਸਹੂਲਤ ਵੀ ਨਹੀਂ ਦਿੱਤੀ ਜਾ ਰਹੀ ਅਤੇ ਉਨ੍ਹਾਂ ਨੂੰ ਕਾਗਜ਼ੀ ਅਤੇ ਦਫ਼ਤਰੀ ਕੰਮ ਵਿੱਚ ਉਲਝਾਇਆ ਜਾ ਰਿਹਾ ਹੈ। ਡਾਕਟਰਾਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਚੋਣਾਂ ਦੌਰਾਨ ਵਾਅਦਾ ਕੀਤਾ ਸੀ ਕਿ ਸਿਹਤ ਪ੍ਰਬੰਧ ਮਿਆਰੀ ਪੱਧਰ ਦੇ ਹੋਣਗੇ ਪਰੰਤੂ ਹੁਣ ਸਰਕਾਰ ਨੇ ਸਿਹਤ ਸੰਸਥਾਵਾਂ ਦਾ ਉਜਾੜਾ ਸ਼ੁਰੂ ਕਰ ਦਿੱਤਾ ਹੈ। ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਡਾਕਟਰਾਂ ਨੇ ਵੀ ਐਲਾਨ ਕੀਤਾ ਕਿ ਜੇ ਪੰਜਾਬ ਸਰਕਾਰ ਆਪਣਾ ਅੜੀਅਲ ਰਵੱਈਆ ਨਹੀਂ ਤਿਆਗਦੀ ਤਾਂ ਇਸ ਦਾ ਸਰਕਾਰੀ ਸਿਹਤ ਸੰਸਥਾਵਾਂ ਉੱਪਰ ਲਾਜ਼ਮੀ ਤੌਰ ਤੇ ਬੁਰਾ ਪ੍ਰਭਾਵ ਪਵੇਗਾ।



ਜੁਆਇੰਟ ਗੌਰਮਿੰਟ ਡਾਕਟਰਜ਼ ਕੋਆਰਡੀਨੇਸ਼ਨ ਕਮੇਟੀ ਮਾਨਸਾ ਵੱਲੋਂ ਐੱਨ.ਪੀ.ਏ ਕਟੌਤੀ ਅਤੇ ਨਿੱਜੀਕਰਨ ਦੀ ਨੀਤੀ ਦੇ ਵਿਰੋਧ ਓਪੀਡੀਜ਼ ਅਤੇ ਜ਼ਿਲ੍ਹਾ ਦਫ਼ਤਰਾਂ ਦਾ ਕੰਮ-ਕਾਜ ਤੀਜੇ ਦਿਨ ਠੱਪ ਰੱਖਦਿਆਂ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਤਾਲਮੇਲ ਕਮੇਟੀ ਦੇ ਆਗੂ ਡਾ. ਗੁਰਜੀਵਨ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਸਿਹਤ ਅਤੇ ਵੈਟਰਨਰੀ ਡਾਕਟਰਾਂ ਵੱਲੋਂ ਅੱਜ ਲਗਾਤਾਰ ਤੀਜੇ ਦਿਨ ਵੀ ਓਪੀਡੀਜ਼ ਨੂੰ ਮੁਕੰਮਲ ਬੰਦ ਕਰ ਦਿੱਤਾ ਗਿਆ ਹੈ ਅਤੇ ਜ਼ਿਲ੍ਹਾ ਦਫਤਰਾਂ ਅੱਗੇ ਰੋਸ ਧਰਨੇ ਲਾਕੇ ਸਮੁੱਚਾ ਸਰਕਾਰੀ ਕੰਮ ਠੱਪ ਕਰ ਦਿੱਤਾ ਗਿਆ ਹੈ ਤੇ ਅਜੇ ਵੀ ਮੰਗਾਂ ਨਾ ਮੰਨਣ ਦੀ ਸੂਰਤ ਵਿਚ ਸਾਂਝੀ ਤਾਲਮੇਲ ਕਮੇਟੀ ਦੇ ਫੈਸਲੇ ਅਨੁਸਾਰ 5 ਅਗਸਤ ਤੋਂ ਰਾਜ ਪੱਧਰੀ ਸਿਹਤ ਅਤੇ ਪਸ਼ੂ ਪਾਲਣ ਵਿਭਾਗ ਦੇ ਦਫਤਰਾਂ ਦਾ ਸਰਕਾਰੀ ਕੰਮ ਵੀ ਮੁਕੰਮਲ ਠੱਪ ਕਰਵਾਇਆ ਜਾਵੇਗਾ।

OUR PARTNERS IN PROMOTION
WORLD PUNJABI NEWS NETWORK
WHITECLOUD INTERNATIONAL — WEB PRESENCE PROVIDER
SmartBrainz EXPLORE. CHOOSE. BUY. — TECHNOLOGY PROVIDER
WORLD PUNJABI NEWS NETWORK — NEWS & MEDIA PARTNER
ADVERTISE WITH US
+91 98155 88388
worldpunjabinews@gmail.com

# ਸਸਤਾ ਭੋਜਨ ਪੈਦਾ ਕਰਨ ਦੀ ਪੈ ਰਹੀ ਭਾਰੀ ਕੀਮਤ



ਇੰਗਲੈਂਡ ਦੇ ਸ਼ਹਿਜ਼ਾਦਾ ਚਾਰਲਸ ਨੇ ਹਾਲ ਹੀ ਵਿਚ ਬੀਬੀਸੀ ਰੇਡੀਓ 'ਤੇ ਇਕ ਮੁਲਾਕਾਤ ਵਿਚ ਆਖਿਆ: ''ਅਸੀਂ ਭੋਜਨ ਕਿਵੇਂ ਪੈਦਾ ਕਰਦੇ ਹਾਂ, ਇਸ ਦਾ ਧਰਤੀ ਦੀ ਸਾਨੂੰ ਬਰਦਾਸ਼ਤ ਕਰਨ ਦੀ ਸਮੱਰਥਾ 'ਤੇ ਸਿੱਧਾ ਅਸਰ ਪੈਂਦਾ ਹੈ ਤੇ ਜੋ ਅੱਗੋਂ ਮਨੁੱਖੀ ਸਿਹਤ ਅਤੇ ਆਰਥਿਕ ਖ਼ੁਸ਼ਹਾਲੀ 'ਤੇ ਅਸਰ ਪਾਉਂਦੀ ਹੈ।'' ਸਸਤਾ ਭੋਜਨ ਪੈਦਾ ਕਰਨ ਦੀ ਕਾਵਾਂਰੌਲ਼ੀ ਜੋ ਬੇਰੋਕ ਆਰਥਿਕ ਵਿਕਾਸ ਵੱਲ ਖ਼ਬਤੀ ਹੋੜ ਦੀ ਬੁਨਿਆਦ ਹੈ, ਅਸਲ ਵਿਚ ਆਧੁਨਿਕ ਸਨਅਤੀ ਖੇਤੀਬਾੜੀ ਦੀਆਂ ਗੁੱਝੀਆਂ ਲਾਗਤਾਂ ਦੇ ਸਮਾਜੀਕਰਨ 'ਤੇ ਅਧਾਰਤ ਹੈ।

ਪ੍ਰਿੰਸ ਚਾਰਲਸ ਨੇ ਆਖਿਆ ਕਿ ਵਾਧੂ ਤੇ ਸਸਤਾ ਭੋਜਨ ਪੈਦਾ ਕਰਨ ਨਾਲ ਦੇਸ਼ ਦੀਆਂ ਛੋਟੀਆਂ ਖੇਤੀ ਜੋਤਾਂ ਦੀ ਹੋਂਦ ਹੀ ਖ਼ਤਰੇ ਵਿਚ ਪੈ ਗਈ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜੇ ਇਹ ਛੋਟੀਆਂ ਖੇਤੀ ਜੋਤਾਂ ਖ਼ਤਮ ਹੋ ਗਈਆਂ ਤਾਂ ਇਸ ਦਾ ਮਤਲਬ ਇਹ ਹੋਵੇਗਾ ਕਿ ਬਰਤਾਨੀਆ ਦੇ ਦੇਹਾਤ ਦਾ ਦਿਲ ਕੱਢ ਦਿੱਤਾ ਗਿਆ। ਉਨ੍ਹਾਂ ਦੀ ਇਹ ਚਿਤਾਵਨੀ ਅਜਿਹੇ ਸਮੇਂ 'ਤੇ ਆਈ ਹੈ ਜਦੋਂ ਇਕ ਆਲਮੀ ਕਾਰੋਬਾਰੀ ਅੰਕੜਾ ਮੰਚ 'ਸਟੈਟਿਸਟਾ' ਨੇ ਅਨੁਮਾਨ ਲਾਇਆ ਹੈ ਕਿ ਬਰਤਾਨੀਆ ਵਿਚ 2020 ਦੇ ਅੰਤ ਤੱਕ ਖੇਤੀਬਾੜੀ ਦੇ ਧੰਦੇ ਵਿਚ ਲੱਗੇ ਕਿਸਾਨਾਂ ਦੀ ਕੁੱਲ ਗਿਣਤੀ ਘਟ ਕੇ ਮਹਿਜ਼ 107,000 ਰਹਿ ਗਈ ਹੈ।

ਪ੍ਰਿੰਸ ਚਾਰਲਸ ਦੀ ਚਿਤਾਵਨੀ ਦੀ ਗੂੰਜ ਕਈ ਲਿਹਾਜ਼ ਤੋਂ ਇਸ ਵੇਲੇ ਭਾਰਤ ਵਿਚ ਚੱਲ ਰਹੇ ਬੇਮਿਸਾਲ ਕਿਸਾਨ ਅੰਦੋਲਨ ਵਿਚ ਪੈ ਰਹੀ ਹੈ ਜਿੱਥੇ ਅੰਦੋਲਨਕਾਰੀ ਕਿਸਾਨਾਂ ਨੂੰ ਚਿੰਤਾ ਹੈ ਕਿ ਕੇਂਦਰ ਸਰਕਾਰ ਵਲੋਂ ਬਣਾਏ ਤਿੰਨ ਖੇਤੀ ਕਾਨੂੰਨ ਇਕੇਰਾਂ ਅਮਲ ਵਿਚ ਆ ਗਏ ਤਾਂ ਉਨ੍ਹਾਂ ਦੀ ਰੋਜ਼ੀ-ਰੋਟੀ ਵੱਡੀਆਂ ਖੇਤੀ-ਕਾਰੋਬਾਰੀ ਕੰਪਨੀਆਂ ਨੇ ਹੜੱਪ ਲੈਣੀ ਹੈ। ਇਸ ਤੋਂ ਇਲਾਵਾ, 1960ਵਿਆਂ ਦੇ ਮੱਧ ਵਿਚ ਆਏ ਹਰੇ ਇਨਕਲਾਬ ਨੇ ਭਾਵੇਂ ਫ਼ੀ ਏਕੜ ਝਾੜ ਵਧਾਉਣ 'ਤੇ ਜ਼ੋਰ ਦਿੱਤਾ ਸੀ ਪਰ ਇਹ ਵਾਧੇ ਦੀ ਵੀ ਭਾਰੀ ਕੀਮਤ ਤਾਰਨੀ ਪਈ ਹੈ। ਭਾਰਤ ਦੀਆਂ 86 ਫ਼ੀਸਦ ਖੇਤੀ ਜੋਤਾਂ ਦਾ ਆਕਾਰ ਦੋ ਹੈਕਟੇਅਰ ਤੋਂ ਘੱਟ ਹੈ ਭਾਵ ਇਸ ਨਾਲ ਛੋਟੀ ਤੇ ਸੀਮਾਂਤ ਕਿਸਾਨੀ ਦੀ ਰੋਜ਼ੀ ਰੋਟੀ ਜੁੜੀ ਹੋਈ ਹੈ। ਲੰਮੇ ਸਮੇਂ ਤੋਂ ਲੋੜੀਂਦੇ ਦਰੁਸਤੀ ਕਦਮ ਚੁੱਕਣ ਦੀ ਬਜਾਏ ਅਜੇ ਵੀ ਵੱਡੀਆਂ ਖੇਤੀਬਾੜੀ-ਕਾਰੋਬਾਰੀ ਕੰਪਨੀਆਂ ਦੀ ਆਮਦ ਦਾ ਰਾਹ ਸਾਫ਼ ਕਰ ਕੇ ਮੁੜ ਘਿੜ ਉਹੀ ਪੁਰਾਣੇ ਨੁਸਖੇ ਅਜ਼ਮਾਏ ਜਾ ਰਹੇ ਹਨ।

ਇਸ ਤੋਂ ਮੈਨੂੰ 2017 ਵਿਚ ਕਰਵਾਈ ਗਈ 'ਆਰਗੈਨਿਕ ਵਰਲਡ ਕਾਂਗਰਸ' ਜਿਸ ਦਾ ਵਿਸ਼ਾ ਵਸਤੂ ਸੀ 'ਦੁਨੀਆ ਦੀਆਂ ਖੇਤੀ ਜ਼ਮੀਨਾਂ ਨੂੰ ਜ਼ਹਿਰਮੁਕਤ ਕਰਨ ਦੀ ਲੋੜ' ਦੇ ਸਿਖਰਲੇ ਸੈਸ਼ਨ ਵਿਚ ਹੋਈ ਚਰਚਾ ਦੀ ਯਾਦ ਆ ਗਈ ਜਿਸ ਵਿਚ ਸਨਅਤੀ ਖੇਤੀਬਾੜੀ ਵਲੋਂ ਸਾਡੇ ਗ੍ਰਹਿ 'ਤੇ ਮਚਾਈ ਵਾਤਾਵਰਨ ਦੀ ਤਬਾਹੀ ਦੀ ਭਰਪਾਈ ਕਰਨ ਵਾਸਤੇ ਮੁਕਾਮੀ, ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਇਕ ਛੇ ਨੁਕਾਤੀ ਕਾਰਜਵਿਧੀ ਪੇਸ਼ ਕੀਤੀ ਗਈ ਸੀ। ਖ਼ੁਰਾਕ ਦੀ ਪੈਦਾਵਾਰ ਵਿਚ ਵਾਧੇ ਨੇ ਜ਼ਮੀਨ ਤੇ ਪਾਣੀ ਜਿਹੇ ਕੁਦਰਤੀ ਸਰੋਤਾਂ ਨੂੰ ਬਰਬਾਦ ਕਰ ਕੇ ਨਾ ਕੇਵਲ ਵਾਤਾਵਰਨ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ ਸਗੋਂ ਇਸ ਚੱਕਰ ਵਿਚ ਜਲਵਾਯੂ ਤਬਦੀਲੀ ਦੇ ਅਮਲ ਨੂੰ ਬਹੁਤ ਤੇਜ਼ ਕਰ ਦਿੱਤਾ ਹੈ ਜਿਸ ਕਰ ਕੇ ਖ਼ੁਰਾਕ ਪ੍ਰਣਾਲੀਆਂ ਗ਼ੈਰ ਹੰਢਣਸਾਰ ਹੋ ਗਈਆਂ ਹਨ, ਜਿਨ੍ਹਾਂ ਨੂੰ ਪਿਛਲੇ ਕੁਝ ਦਹਾਕਿਆਂ ਦੌਰਾਨ ਕੁਸ਼ਲਤਾ ਤੇ ਮੁਕਾਬਲੇਬਾਜ਼ੀ ਦੇ ਨਾਂ 'ਤੇ ਹੱਲਾਸ਼ੇਰੀ ਦਿੱਤੀ ਗਈ ਸੀ। ਸਸਤਾ ਭੋਜਨ ਪੈਦਾ ਕਰਨ ਦੀ ਗੁੱਝੀ ਕੀਮਤ ਬਾਰੇ ਕਈ ਵਾਰ ਚਰਚਾ ਹੋ ਚੁੱਕੀ ਹੈ, ਜਿਸ ਤਹਿਤ ਕੁੱਝ ਉੱਘੇ ਮਾਹਿਰਾਂ ਅਤੇ ਸਾਲ 2009 ਵਿਚ ਬਣੀ ਇੰਟਰਨੈਸ਼ਨਲ ਅਸੈਸਮੈਂਟ ਆਫ ਐਗਰੀਕਲਚਰਲ ਨੌਲਿਜ, ਸਾਇੰਸ ਐਂਡ ਟੈਕਨਾਲੋਜੀ ਫਾਰ ਡਿਵੈਪਲਮੈਂਟ (ਆਈਏਐਸਟੀਡੀ) ਸਣੇ ਕੁਝ ਕੌਮਾਂਤਰੀ ਕਮੇਟੀਆਂ ਤੇ ਹਾਲ ਹੀ ਵਿਚ ਆਈ ਪਾਰਥਾ ਦਾਸਗੁਪਤਾ ਦੀ 'ਦਿ ਇਕੋਨੌਮਿਕਸ ਆਫ ਬਾਇਓਡਾਇਵਰਸਿਟੀ' ਰਿਪੋਰਟ (2021) ਵਿਚ ਚਿਤਾਵਨੀ ਦਿੱਤੀ ਗਈ ਹੈ ਕਿ 'ਚਲਦਾ ਹੈ' ਵਾਲਾ ਵਤੀਰਾ ਹੁਣ ਹੋਰ ਨਹੀਂ ਚੱਲ ਸਕੇਗਾ, ਆਲਮੀ ਲੀਡਰਸ਼ਿਪ ਨੇ ਇਨ੍ਹਾਂ ਸਰੋਕਾਰਾਂ ਤੋਂ ਬਿਲਕੁਲ ਅੱਖਾਂ ਮੀਟ ਰੱਖੀਆਂ ਹਨ। ਲਿਹਾਜ਼ਾ, ਇਹ ਦੇਖਣਾ ਦਿਲਚਸਪ ਹੋਵੇਗਾ ਕਿ ਸੰਯੁਕਤ ਰਾਸ਼ਟਰ ਵਲੋਂ ਸਤੰਬਰ 2021 ਵਿਚ ਸੱਦੇ 'ਖੁਰਾਕ ਪ੍ਰਣਾਲੀਆਂ ਦੇ ਸਿਖਰ ਸੰਮੇਲਨ' ਵਿਚ ਖੁਰਾਕ ਦੀ ਪੈਦਾਵਾਰ, ਢੋਆ ਢੁਆਈ ਅਤੇ ਖ਼ਪਤ ਦੇ ਢੰਗ ਤਰੀਕਿਆਂ ਦੀ ਕਾਇਆ ਕਲਪ ਕਰਨ ਲਈ ਕੋਈ ਕਾਰਗਰ ਤੇ ਕਾਬਿਲੇ-ਅਮਲ ਯੋਜਨਾਵਾਂ ਪੇਸ਼ ਕੀਤੀਆਂ ਜਾਂਦੀਆਂ ਹਨ ਜਾਂ ਨਹੀਂ।

ਉਂਜ, ਜਿਵੇਂ ਅਲਬਰਟ ਆਇਨਸਟਾਈਨ ਨੇ ਇਕੇਰਾਂ ਕਿਹਾ ਸੀ ਕਿ ਅਸੀਂ ਸਮੱਸਿਆਵਾਂ ਨੂੰ ਉਸੇ ਤਰ੍ਹਾਂ ਦੀ ਸੋਚ ਨਾਲ ਹੱਲ ਨਹੀਂ ਕਰ ਸਕਦੇ ਜੋ ਸਮੱਸਿਆਵਾਂ ਪੈਦਾ ਹੋਣ ਵੇਲੇ ਸਾਡੀ ਸੋਚ ਸੀ। ਨਾਗਰਿਕ ਸਮਾਜ, ਛੋਟੇ ਉਤਪਾਦਕਾਂ, ਮੁਕਾਮੀ ਭਾਈਚਾਰਿਆਂ ਦੀਆਂ 300 ਤੋਂ ਵੱਧ ਜਥੇਬੰਦੀਆਂ ਅਤੇ ਵਿਅਕਤੀਗਤ ਸਾਇੰਸਦਾਨਾਂ/ਮਾਹਿਰਾਂ ਵਲੋਂ ਵੀ ਇਹੀ ਗੱਲ ਸਮਝਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਸੰਯੁਕਤ ਰਾਸ਼ਟਰ ਦੇ ਖੁਰਾਕ ਪ੍ਰਣਾਲੀਆਂ ਬਾਰੇ ਸੰਮੇਲਨ ਨੂੰ ਵੀ ਇਸ ਵੱਲ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਇਸ ਅਖੌਤੀ 'ਲੋਕ ਸੰਮੇਲਨ' ਦੇ ਬਾਇਕਾਟ ਦਾ ਸੱਦਾ ਦਿੰਦਿਆਂ ਦੋਸ਼ ਲਾਇਆ ਹੈ ਕਿ ''ਯੂਐਨਐਫਐਸਐਸ ਕਾਰਪੋਰੇਟ ਕੰਪਨੀਆਂ ਦਾ ਦਬਦਬਾ ਵਧਾਉਣ, ਗੈਰ ਹੰਢਣਸਾਰ ਆਲਮੀ ਵੈਲਯੂ ਚੇਨਾਂ ਦੀ ਸਰਪ੍ਰਸਤੀ ਕਰਨ ਅਤੇ ਜਨਤਕ ਸੰਸਥਾਵਾਂ 'ਤੇ ਖੇਤੀ-ਕਾਰੋਬਾਰੀ ਕੰਪਨੀਆਂ ਦੇ ਦਾਬੇ ਨੂੰ ਮਜ਼ਬੂਤ ਕਰਨ ਦਾ ਮਾਰਗ ਸਾਫ਼ ਕਰੇਗਾ।''

ਇਸ 'ਤੇ ਕਿਸੇ ਨੂੰ ਹੈਰਾਨੀ ਵੀ ਨਹੀਂ ਹੋਣੀ ਚਾਹੀਦੀ ਜਦਕਿ 2009 ਵਿਚ ਹੋਏ ਵਿਸ਼ਵ ਆਰਥਿਕ ਮੰਚ ਨੇ ਖੇਤੀਬਾੜੀ ਲਈ ਇਕ ਨਵਾਂ ਦ੍ਰਿਸ਼ਟੀਕੋਣ ਸਾਹਮਣੇ ਲਿਆਂਦਾ ਸੀ ਜਿਸ ਨੂੰ 17 ਬਹੁਕੌਮੀ ਖੇਤੀ ਕਾਰੋਬਾਰੀ ਕੰਪਨੀਆਂ ਰਾਹੀਂ ਅਮਲੀ ਜਾਮਾ ਪਹਿਨਾਇਆ ਜਾਣਾ ਸੀ। ਹੁਣ ਜਦੋਂ ਪਤਾ ਚੱਲ ਚੁੱਕਿਆ ਹੈ ਕਿ ਕਾਰਪੋਰੇਟ ਕੰਪਨੀਆਂ ਦੀ ਅਗਵਾਈ ਵਾਲੇ ਬਾਜ਼ਾਰ ਆਧਾਰਤ ਨੁਸਖਿਆਂ ਨੇ ਹੀ ਇਹ ਸੰਕਟ ਪੈਦਾ ਕੀਤਾ ਹੈ ਤਾਂ ਖੁੱਲ੍ਹੇ ਬਾਜ਼ਾਰ ਨੂੰ ਹੱਲਾਸ਼ੇਰੀ ਦੇਣ ਦੇ ਤੌਰ ਤਰੀਕਿਆਂ ਦੀ ਅੱਜ ਦੀ ਦੁਨੀਆ ਨੂੰ ਲੋੜ ਨਹੀਂ ਹੈ। ਦੁਨੀਆ ਦੀ ਅੱਧੀ ਜ਼ਮੀਨ ਖੇਤੀਬਾੜੀ ਲਈ ਵਰਤੀ ਜਾਂਦੀ ਹੈ, ਜਿਸ ਦੇ ਪੇਸ਼ੇਨਜ਼ਰ ਖੇਤੀਬਾੜੀ ਬਾਰੇ ਨਵੇਂ ਸਿਰਿਓਂ ਸੋਚਣ ਦੀ ਲੋੜ ਹੈ ਅਤੇ ਸੰਘਣੀ ਖੇਤੀਬਾੜੀ ਪ੍ਰਣਾਲੀਆਂ 'ਤੇ ਜ਼ੋਰ ਦੇਣ ਨਾਲ ਇਹ ਗ੍ਰੀਨਹਾਊਸ ਗੈਸਾਂ ਦਾ ਦੂਜਾ ਸਭ ਤੋਂ ਵੱਡਾ ਸਰੋਤ ਬਣ ਗਈਆਂ ਹਨ।

ਇਹੀ ਨਹੀਂ, ਇਸੇ ਮੌਕੇ 'ਤੇ ਆਈ ਰੌਕਫੈਲਰ ਫਾਊਂਡੇਸ਼ਨ ਦੀ ਇਕ ਹੋਰ ਰਿਪੋਰਟ 'ਖੁਰਾਕ ਦੀ ਅਸਲ ਲਾਗਤ: ਅਮਰੀਕੀ ਖੁਰਾਕ ਪ੍ਰਣਾਲੀ ਨੂੰ ਤਬਦੀਲ ਕਰਨ ਨਾਲ ਜੁੜੇ ਮਾਮਲਿਆਂ ਦਾ ਜਾਇਜ਼ਾ' ਨਾ ਕੇਵਲ ਸਸਤਾ ਭੋਜਨ ਪੈਦਾ ਕਰਨ ਦੀ ਲਾਗਤ ਦਾ ਮਾਪ ਦਿੰਦੀ ਹੈ, ਸਗੋਂ ਇਸ ਨਾਲ ਨੱਥੀ ਕੀਤੇ ਮੁੱਲ ਤੋਂ ਇਲਾਵਾ ਜੁੜੀਆਂ ਗੁੱਝੀਆਂ ਲਾਗਤਾਂ ਦੀ ਵੀ ਬਾਤ ਪਾਉਂਦੀ ਹੈ ਜਿਸ ਨਾਲ ਸਾਡੀਆਂ ਅੱਖਾਂ ਖੁੱਲ੍ਹਣੀਆਂ ਚਾਹੀਦੀਆਂ ਹਨ। ਆਰਥਿਕ ਸੁਧਾਰਾਂ ਦੇ ਪ੍ਰੋਗਰਾਮ ਨੂੰ ਹੰਢਣਸਾਰ ਬਣਾਈ ਰੱਖਣ ਲਈ ਸਸਤਾ ਭੋਜਨ ਹਮੇਸ਼ਾ ਜ਼ਰੂਰੀ ਗਿਣਿਆ ਜਾਂਦਾ ਹੈ। ਹੁਣ ਤੱਕ ਇਹ ਇਸ ਲਈ ਕਾਰਆਮਦ ਰਿਹਾ ਹੈ ਕਿਉਂਕਿ ਅਰਥਸ਼ਾਸਤਰੀਆਂ ਤੇ ਨੀਤੀਘਾੜਿਆਂ ਨੇ ਇਸ ਦੀ ਅਸਲ ਕੀਮਤ ਮਾਪਣ ਦੀ ਜ਼ਹਿਮਤ ਹੀ ਨਹੀਂ ਕੀਤੀ ਪਰ ਸਸਤਾ ਭੋਜਨ ਪੈਦਾ ਕਰਨ ਦੇ ਸਿੱਟੇ ਵਜੋਂ ਵਾਤਾਵਰਨ ਦੀ ਬਰਬਾਦੀ ਕਰ ਕੇ ਹੋਣ ਵਾਲੀਆਂ ਮਨੁੱਖੀ ਸਿਹਤ ਦੀਆਂ ਲਾਗਤਾਂ ਤੇ ਰੋਜ਼ੀ ਰੋਟੀ ਦੇ ਮਸਲੇ ਦੀ ਸੰਗੀਨਤਾ ਇੰਨੀ ਜ਼ਿਆਦਾ ਹੈ ਕਿ ਹੁਣ ਇਨ੍ਹਾਂ ਪ੍ਰੇਸ਼ਾਨਕੁਨ ਅੰਕੜਿਆਂ ਨੂੰ ਰਫ਼ਾ-ਦਫ਼ਾ ਕਰਨਾ ਨਾਮੁਮਕਿਨ ਬਣ ਗਿਆ ਹੈ।

ਅਮਰੀਕੀ ਖਪਤਕਾਰਾਂ ਨੇ ਸਾਲ 2019 ਵਿਚ ਭੋਜਨ 'ਤੇ ਅੰਦਾਜ਼ਨ 1.1 ਖਰਬ (ਟ੍ਰਿਲੀਅਨ) ਡਾਲਰ ਖਰਚ ਕੀਤੇ ਸਨ। ਇਸ ਰਿਪੋਰਟ ਵਿਚ ਕਿਹਾ ਗਿਆ ਹੈ ਕਿ ''ਭੋਜਨ ਦੇ ਦਰਸਾਏ ਮੁੱਲ ਵਿਚ ਖੁਰਾਕ ਨਾਲ ਜੁੜੀਆਂ ਬਿਮਾਰੀਆਂ ਕਰ ਕੇ ਹੋਣ ਵਾਲੇ ਸਿਹਤ ਸੰਭਾਲ ਦੇ ਖਰਚੇ, ਜ਼ਮੀਨ, ਪਾਣੀ ਅਤੇ ਜੈਵ ਵੰਨ-ਸੁਵੰਨਤਾ, ਗ੍ਰੀਨ ਹਾਊਸ ਗੈਸਾਂ ਦੀ ਨਿਕਾਸੀ, ਜਲਵਾਯੂ ਤਬਦੀਲੀ ਆਦਿ ਰਾਹੀਂ ਵਾਤਾਵਰਨ ਨੂੰ ਪਹੁੰਚੇ ਨੁਕਸਾਨ, ਖੇਤੀਬਾੜੀ ਮੁਸੀਬਤਾਂ ਆਦਿ ਦੇ ਰੂਪ ਵਿਚ ਹੋਏ ਨੁਕਸਾਨ ਸ਼ਾਮਲ ਨਹੀਂ ਕੀਤੇ ਗਏ। ਇਨ੍ਹਾਂ ਸਾਰੇ ਖਰਚਿਆਂ ਨੂੰ ਜੋੜਨ ਤੋਂ ਬਾਅਦ ਅਮਰੀਕੀ ਖੁਰਾਕੀ ਪ੍ਰਣਾਲੀ ਦੀ ਅਸਲ ਕੀਮਤ ਇਸ ਤੋਂ ਘੱਟੋਘੱਟ ਤਿੰਨ ਗੁਣਾ ਜ਼ਿਆਦਾ ਭਾਵ ਸਾਲਾਨਾ 3.2 ਖਰਬ (ਟ੍ਰਿਲੀਅਨ) ਡਾਲਰ ਬਣ ਜਾਵੇਗੀ। 'ਹਾਲਾਂਕਿ ਇਹ ਹੱਥ ਘੁੱਟ ਕੇ ਲਾਇਆ ਅਨੁਮਾਨ ਹੀ ਹੋਵੇਗਾ ਅਤੇ ਰਿਪੋਰਟ ਨੇ ਜੋ ਅੰਕੜੇ ਪੇਸ਼ ਕੀਤੇ ਹਨ ਉਨ੍ਹਾਂ ਰਾਹੀਂ ਜੋ ਗੱਲ ਸਾਹਮਣੇ ਲਿਆਉਣ ਵਿਚ ਮਦਦ ਕੀਤੀ ਹੈ ਉਹ ਇਹ ਹੈ ਕਿ ਦੁਨੀਆ ਜਿਹੜੀਆਂ ਮੌਜੂਦਾ ਖੁਰਾਕ ਪ੍ਰਣਾਲੀਆਂ ਦੇ ਰਾਹ 'ਤੇ ਚੱਲ ਰਹੀ ਹੈ, ਉਹ ਬੁਰੀ ਤਰ੍ਹਾਂ ਨਕਾਰਾ ਹੋ ਚੁੱਕੀਆਂ ਹਨ। ਆਲਮੀ ਪੱਧਰ 'ਤੇ ਖੁਰਾਕ ਪੈਦਾ ਕਰਨ ਦੀ ਅਸਲ ਕੀਮਤ ਖਪਤਕਾਰਾਂ ਵਲੋਂ ਅਦਾ ਕੀਤੀ ਜਾਂਦੀ ਕੀਮਤ ਨਾਲੋਂ ਕਰੀਬ ਤਿੰਨ ਗੁਣਾ ਵੱਧ ਹੈ। ਭਾਰਤ ਜਿੱਥੇ ਖੇਤੀਬਾੜੀ ਦੀ ਪੈਦਾਵਾਰ 20.19 ਲੱਖ ਕਰੋੜ ਰੁਪਏ ਬਣਦੀ ਹੈ ਅਤੇ ਖੇਤੀਬਾੜੀ ਨੂੰ ਅਰਥਚਾਰੇ ਦੇ ਸਭ ਤੋਂ ਹੇਠਲੇ ਮੁਕਾਮ 'ਤੇ ਗਿਣਿਆ ਜਾਂਦਾ ਹੈ, ਵਿਚ ਵੀ ਭੋਜਨ ਪੈਦਾ ਕਰਨ ਦੀ ਅਸਲ ਕੀਮਤ ਮਾਪਣ ਦੇ ਅਧਿਐਨ ਕਰਨ ਦੀ ਲੋੜ ਹੈ। ਸਸਤਾ ਭੋਜਨ ਮੁਹੱਈਆ ਕਰਾਉਣ ਕਰ ਕੇ ਖੇਤੀਬਾੜੀ ਮੁਸ਼ਕਲਾਂ ਵਿਚ ਫਸੀ ਰਹਿੰਦੀ ਹੈ ਅਤੇ ਉਤਪਾਦਕਾਂ ਨੂੰ ਵਾਜਬ ਮੁੱਲ ਨਹੀਂ ਦਿੱਤਾ ਜਾਂਦਾ। ਇਸ ਰੁਝਾਨ ਨੂੰ ਮੋੜਾ ਦੇਣ ਵਾਸਤੇ ਇਕ ਅਸਲੋਂ ਨਵੀਂ ਸੋਚ ਤੇ ਪਹੁੰਚ 'ਤੇ ਆਧਾਰਤ ਦਲੇਰਾਨਾ ਫੈਸਲਿਆਂ ਦੀ ਲੋੜ ਹੈ। ਇਸ ਸਬੰਧੀ ਉਸੇ ਪੁਰਾਣੀ ਆਰਥਿਕ ਤੇ ਵਿਗਿਆਨਕ ਸੋਚ ਕਰ ਕੇ ਹੀ ਇਹ ਸੰਕਟ ਪੈਦਾ ਹੋਇਆ ਹੈ ਅਤੇ ਇਸ ਦੇ ਸਹਾਰੇ ਕਿਸੇ ਹਕੀਕੀ ਹੱਲ ਦੀ ਉਮੀਦ ਨਹੀਂ ਰੱਖੀ ਜਾ ਸਕਦੀ।

**ਦਵਿੰਦਰ ਸ਼ਰਮਾ**

## ਸਾਡਾ ਕਾਂਸੀ ਵੀ ਸੋਨੇ ਵਰਗਾ: ਭਾਰਤੀ ਹਾਕੀ ਟੀਮ ਨੂੰ 41 ਸਾਲ ਬਾਅਦ ਉਲੰਪਿਕ ਵਿੱਚ ਤਗਮਾ



ਟੋਕੀਓ। ਟੋਕੀਓ ਉਲੰਪਿਕ ਖੇਡਾਂ ਵਿਚ ਅੱਜ ਖੇਡੇ ਗਏ ਪੁਰਸ਼ਾਂ ਦੇ ਇੱਕ ਬੇਹੱਦ ਅਹਿਮ ਮੈਚ ਵਿਚ ਭਾਰਤ ਨੇ ਜਰਮਨੀ ਨੂੰ ਹਰਾਕੇ ਕਾਂਸੀ ਦਾ ਤਗਮਾ ਜਿੱਤਿਆ ਲਿਆ। ਇਸ ਮੈਚ ਵਿਚ ਭਾਰਤ ਨੇ ਜਰਮਨੀ ਤੋਂ ਪਛੜਨ ਦੇ ਬਾਵਜੂਦ 5- 4 ਨਾਲ ਹਰਾ ਦਿੱਤਾ। 1980 ਦੀ ਮਾਸਕੋ ਉਲੰਪਿਕ ਵਿਚ ਸੋਨ ਤਗਮੇ ਤੋਂ ਬਾਅਦ ਭਾਰਤ ਹਾਕੀ ਟੀਮ ਨੇ ਪਹਿਲੀ ਵਾਰ ਕੋਈ ਤਗਮਾ ਜਿੱਤਿਆ ਹੈ।ਆਖਰੀ ਪਲਾਂ ਵਿੱਚ ਜਿਵੇਂ ਹੀ ਗੋਲਕੀਪਰ ਪੀਆਰ ਸ੍ਰੀਜੇਸ਼ ਨੇ ਤਿੰਨ ਵਾਰ ਦੀ ਚੈਂਪੀਅਨ ਜਰਮਨੀ ਦੀ ਪੈਨਲਟੀ ਨੂੰ ਰੋਕਿਆ, ਭਾਰਤੀ ਖਿਡਾਰੀਆਂ ਦੇ ਨਾਲ ਟੀਵੀ ਉੱਤੇ ਇਹ ਇਤਿਹਾਸਕ ਮੈਚ ਵੇਖ ਰਹੇ ਕਰੋੜਾਂ ਭਾਰਤੀਆਂ ਦੀਆਂ ਅੱਖਾਂ ਵੀ ਨਮ ਹੋ ਗਈਆਂ। ਭਾਰਤ ਵੱਲੋਂ ਸਿਮਰਨਜੀਤ ਸਿੰਘ (17ਵੇਂ ਅਤੇ 34ਵੇਂ), ਹਾਰਦਿਕ ਸਿੰਘ (27ਵੇਂ), ਹਰਮਨਪ੍ਰੀਤ ਸਿੰਘ (29ਵੇਂ) ਅਤੇ ਰੁਪਿੰਦਰ ਪਾਲ ਸਿੰਘ (31ਵੇਂ) ਨੇ ਗੋਲ ਕੀਤੇ।

## 'ਰਾਂਝਾ' ਦੀ ਰਿਕਾਰਡਿੰਗ ਵੇਲੇ ਭਾਵੁਕ ਹੋਈ ਜਸਲੀਨ

ਮੁੰਬਈ। 'ਦਿਨ ਸ਼ਗਨਾਂ ਦਾ', 'ਖੋ ਗਏ ਹਮ ਕਹਾਂ' ਅਤੇ ਫਿਲਮ 'ਕੇਸਰੀ' ਦੇ 'ਦੇਹ ਸ਼ਿਵਾ' ਗਾਣਿਆਂ ਲਈ ਜਾਣੀ ਜਾਂਦੀ ਗਾਇਕਾ ਅਤੇ ਕੰਪੋਜ਼ਰ ਜਸਲੀਨ ਰੌਇਲ ਇੱਕ ਹੋਰ ਗੀਤ 'ਰਾਂਝਾ' ਨਾਲ ਵਾਪਸੀ ਕਰ ਰਹੀ ਹੈ, ਜਿਸ ਨੂੰ ਉਸ ਨੇ ਗਾਇਕ ਬੀ ਪਰਾਕ ਨਾਲ ਮਿਲ ਕੇ ਗਾਇਆ ਹੈ। ਇਹ ਗਾਣਾ ਨਿਰਦੇਸ਼ਕ ਵਿਸ਼ਨੂੰਵਰਧਨ ਦੀ ਫਿਲਮ 'ਸ਼ੇਰਸ਼ਾਹ' ਵਿੱਚ ਦਿਖਾਇਆ ਜਾਵੇਗਾ। 'ਰਾਂਝਾ' ਵਿਛੋੜੇ ਨਾਲ ਸਬੰਧਤ ਇੱਕ ਉਦਾਸ ਗੀਤ ਹੈ, ਜੋ ਆਪਣੇ ਸ਼ਬਦਾਂ ਅਤੇ ਜਸਲੀਨ ਦੀ ਦਰਦ ਭਰੀ ਆਵਾਜ਼ ਰਾਹੀਂ ਜਜ਼ਬਾਤ ਦੀ ਕਹਾਣੀ ਬਿਆਨਦਾ ਹੈ। ਜਸਲੀਨ ਨੇ ਦੱਸਿਆ ਕਿ ਪੂਰਾ ਗਾਣਾ ਉਸ ਨੂੰ ਮਾਨਸਿਕ ਤੌਰ 'ਤੇ ਝੰਜੋੜਦਾ ਹੈ ਕਿਉਂਕਿ ਉਸ ਦੀ ਇੱਕ ਦੋਸਤ ਵੀ ਨਿਰਾਸ਼ਾ ਦੇ ਦੌਰ ਵਿੱਚੋਂ ਲੰਘ ਰਹੀ ਸੀ। ਜਸਲੀਨ ਨੇ ਕਿਹਾ, ''ਇਹ ਗਾਣਾ ਮੇਰੇ ਲਈ ਕਈ ਪੱਧਰਾਂ 'ਤੇ ਖਾਸ ਹੈ। ਜਦੋਂ ਮੈਂ ਇਹ ਗਾਣਾ ਰਿਕਾਰਡ ਕਰ ਰਹੀ ਸੀ ਤਾਂ ਦਿਮਾਗੀ ਤੌਰ 'ਤੇ ਮੈਂ ਕਾਫ਼ੀ ਭਾਵੁਕ ਸੀ। ਮੇਰੀ ਖਾਸ ਦੋਸਤ ਬਹੁਤ ਬੁਰੇ ਵਿਛੋੜੇ ਦੇ ਦੌਰ ਵਿੱਚੋਂ ਲੰਘ ਰਹੀ ਸੀ ਅਤੇ ਉਸ ਨੂੰ ਇਸ ਸਭ 'ਚੋਂ ਗੁਜ਼ਰਦਿਆਂ ਦੇਖਣਾ ਬੇਹੱਦ ਦੁਖਦਾਈ ਰਿਹਾ। ਇਸ ਗਾਣੇ ਨੇ ਆਸ-ਪਾਸ ਵਾਪਰ ਰਹੇ ਸਭ ਕਾਸੇ 'ਚੋਂ ਬਾਹਰ ਨਿਕਲਣ 'ਚ ਮੇਰੀ ਮਦਦ ਕੀਤੀ। ਇਹ ਇੱਕ ਤਰ੍ਹਾਂ ਦਾ ਇਲਾਜ ਸੀ। ਗਾਣੇ ਵਿੱਚ ਪਿਆਰ, ਵਿਛੋੜੇ ਅਤੇ ਇਨ੍ਹਾਂ ਵਿਚਲੀਆਂ ਭਾਵਨਾਵਾਂ ਦੀਆਂ ਪਰਤਾਂ ਹਨ। ਮੈਨੂੰ ਪੂਰੀ ਉਮੀਦ ਹੈ ਕਿ ਲੋਕ ਇਸ ਨੂੰ ਪਸੰਦ ਕਰਨਗੇ।'' ਜਸਲੀਨ ਆਪਣੇ ਦੋ ਹੋਰ ਗਾਣਿਆਂ 'ਤੇ ਵੀ ਕੰਮ ਕਰ ਰਹੀ ਹੈ। ਉਹ ਆਪਣੇ ਵੱਖ ਵੱਖ ਗਾਣਿਆਂ ਦੇ ਪੋਸਟਰ ਅਕਸਰ ਹੀ ਸੋਸ਼ਲ ਮੀਡੀਆ 'ਤੇ ਸ਼ੇਅਰ ਕਰਦੀ ਰਹਿੰਦੀ ਹੈ। ਹਾਲ ਹੀ ਵਿੱਚ ਜਸਲੀਨ ਨੇ ਆਪਣੇ ਯੂਟਿਊਬ ਚੈਨਲ 'ਤੇ 2016 ਵਿੱਚ ਅਜੈ ਦੇਵਗਨ ਦੀ ਫਿਲਮ 'ਸ਼ਿਵਾਏ' ਦੇ ਗਾਣੇ 'ਰਾਤੇਂ' ਦਾ ਅਕੂਸਟਿਕ ਵਰਜ਼ਨ ਰਿਲੀਜ਼ ਕੀਤਾ ਹੈ। ਗਾਣਾ 'ਰਾਂਝਾ' ਵੀਰਵਾਰ ਨੂੰ ਰਿਲੀਜ਼ ਹੋਵੇਗਾ।



## ਭਾਰਤ-ਪਾਕਿ ਵਿਚਾਲੇ ਅਮਨ ਦਾ ਸੁਨੇਹਾ ਦਿੰਦਾ ਹੈ 'ਧੂਪ ਕੀ ਦੀਵਾਰ': ਸਜਲ

ਮੁੰਬਈ। ਮਰਹੂਮ ਅਦਾਕਾਰਾ ਸ੍ਰੀਦੇਵੀ ਦੀ ਫ਼ਿਲਮ 'ਮੌਮ' ਵਿੱਚ ਭੂਮਿਕਾ ਨਿਭਾਉਣ ਵਾਲੀ ਪਾਕਿਸਤਾਨੀ ਅਦਾਕਾਰਾ ਸਜਲ ਅਲੀ ਨੇ ਆਖਿਆ ਕਿ ਉਸ ਦਾ ਨਵਾਂ ਸ਼ੋਅ 'ਧੂਪ ਕੀ ਦੀਵਾਰ' ਓਟੀਟੀ ਪਲੈਟਫਾਰਮ 'ਤੇ ਰਿਲੀਜ਼ ਕੀਤਾ ਗਿਆ ਹੈ ਅਤੇ ਇਹ ਸ਼ੋਅ ਭਾਰਤ ਤੇ ਪਾਕਿਸਤਾਨ ਵਿਚਾਲੇ ਅਮਨ ਅਤੇ ਇਕਜੁਟਤਾ ਦਾ ਸੁਨੇਹਾ ਦਿੰਦਾ ਹੈ। ਇਸ ਸ਼ੋਅ ਦੀ ਕਹਾਣੀ ਇੱਕ ਪਰਿਵਾਰ ਦੇ ਦੁਆਲੇ ਘੁੰਮਦੀ ਹੈ, ਜਿਸ ਨੇ ਦੇਸ਼ ਵੰਡ ਦੌਰਾਨ ਬਹੁਤ ਕੁਝ ਗੁਆਇਆ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਸਰਹੱਦਾਂ ਮਹਿਜ਼ ਸਾਡੇ ਵੱਲੋਂ ਉਸਾਰੀਆਂ ਕੰਧਾਂ ਹਨ। ਭਾਰਤ ਦੇ ਰਹਿਣ ਵਾਲੇ ਵਿਸ਼ਾਲ ਤੇ ਪਾਕਿਸਤਾਨੀ ਵਸਨੀਕ ਸਾਰਾ ਦੀ ਜ਼ਿੰਦਗੀ ਇਕੋ ਜਿਹੀ ਹੈ, ਕਿਉਂਕਿ ਜੰਗ ਦੌਰਾਨ ਉਨ੍ਹਾਂ ਆਪਣੇ ਪਿਤਾ ਗੁਆਏ ਹਨ ਅਤੇ ਇਹੀ ਸਾਂਝਾ ਦੁੱਖ ਉਨ੍ਹਾਂ ਦੀ ਦੋਸਤੀ ਦੀ ਬੁਨਿਆਦ ਬਣਦਾ ਹੈ। ਇਸ ਸ਼ੋਅ ਦਾ ਨਿਰਦੇਸ਼ਨ ਹਸੀਬ ਹਸਨ ਨੇ ਕੀਤਾ ਹੈ ਜਦਕਿ ਕਹਾਣੀ ਉਮਰਾ ਅਹਿਮਦ ਨੇ ਲਿਖੀ ਹੈ। ਸਜਲ ਨੇ ਆਖਿਆ, ''ਧੂਪ ਕੀ ਦੀਵਾਰ ਅਜਿਹਾ ਪ੍ਰਾਜੈਕਟ ਹੈ ਜਿਹੜਾ ਦੋ ਮੁਲਕਾਂ ਵਿਚਾਲੇ ਅਮਨ ਤੇ ਇਕਜੁੱਟਤਾ ਪੈਦਾ ਕਰਦਾ ਹੈ। ਮੈਂ ਨਿਰਦੇਸ਼ਕ ਦੀ ਅਦਾਕਾਰਾ ਹਾਂ। ਇਸ ਲਈ ਮੇਰਾ ਪੰਜਾਹ ਫੀਸਦੀ ਕੰਮ ਨਿਰਦੇਸ਼ਕ 'ਤੇ ਨਿਰਭਰ ਕਰਦਾ ਸੀ ਕਿ ਉਹ ਮੇਰੇ ਤੋਂ ਕੀ ਉਮੀਦ ਕਰਦੇ ਹਨ ਪਰ ਬਾਕੀ ਕੰਮ ਮੈਂ ਆਪਣੀ ਲੋੜ ਅਨੁਸਾਰ ਕੀਤਾ। 'ਧੂਪ ਕੀ ਦੀਵਾਰ' ਦੇ ਫ਼ਿਲਮਾਂਕਣ ਦੌਰਾਨ ਨਿਰਦੇਸ਼ਕ ਹਸੀਬ ਹਸਨ ਨੇ ਮੇਰੀ ਇਹ ਸਮਝਣ ਵਿੱਚ ਮਦਦ ਕੀਤੀ ਕਿ ਸਾਰਾ ਅਸਲੀ ਜ਼ਿੰਦਗੀ ਵਿੱਚ ਕਿਵੇਂ ਦੀ ਸੀ। ਉਹ ਇੱਕ ਦਲੇਰ ਤੇ ਸੂਝਵਾਨ ਕੁੜੀ ਸੀ ਤੇ ਉਹ ਬਹੁਤ ਜਜ਼ਬਾਤੀ ਵੀ ਸੀ।



ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ 'ਵਰਲਡ ਪੰਜਾਬੀ ਨਿਊਜ਼' ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ 'ਵਰਲਡ ਪੰਜਾਬੀ ਨਿਊਜ਼' ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਖੁਦ ਕਰਨ। 'ਵਰਲਡ ਪੰਜਾਬੀ ਨਿਊਜ਼' ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- ਸੰਪਾਦਕ

# ਜਮਨਾ ਪ੍ਰਦੂਸ਼ਣ ਉੱਤੇ ਐਨ ਜੀ ਟੀ ਵੱਲੋਂ ਫਿਟਕਾਰ

ਨਵੀਂ ਦਿੱਲੀ। ਨੈਸ਼ਨਲ ਗਰੀਨ ਟ੍ਰਿਬਿਊਨਲ (ਐਨ ਜੀ ਟੀ) ਨੇ ਜਮਨਾ ਨਦੀ ਵਿੱਚ ਗੰਦਾ ਪਾਣੀ ਛੱਡੇ ਜਾਣ ਦੇ ਮੁੱਦੇ ਉੱਤੇ ਦਿੱਲੀ ਅਤੇ ਉਤਰ ਪ੍ਰਦੇਸ਼ ਦੇ ਅਧਿਕਾਰੀਆਂ ਨੂੰ ਫਿਟਕਾਰ ਲਾ ਕੇ ਕਿਹਾ ਹੈ ਕਿ ਉਨ੍ਹਾਂ ਨੂੰ ਅਹੁਦੇ ਅਤੇ ਸਹੂਲਤਾਂ ਦਾ ਲਾਭ ਲੈਣ ਲਈ ਨਹੀਂ, ਲੋਕਾਂ ਦੀ ਸਿਹਤ ਤੇ ਵਾਤਾਵਰਣ ਦੀ ਸੁਰੱਖਿਆ ਲਈ ਨਿਯੁਕਤ ਕੀਤਾ ਗਿਆ ਹੈ। ਕਈ ਉਦਯੋਗਿਕ ਯੂਨਿਟ ਗੰਦਾ ਪਾਣੀ ਧੜੱਲੇ ਨਾਲ ਨਦੀ ਵਿੱਚ ਰੋੜ੍ਹ ਰਹੇ ਹਨ, ਜਿਵੇਂ ਦੇਸ਼ ਵਿੱਚ ਕੋਈ ਕਾਨੂੰਨ ਹੀ ਨਾ ਹੋਵੇ ਅਤੇ ਅਪਰਾਧ ਕਰਨ ਦੀ ਛੋਟ ਹੋਵੇ ਅਤੇ ਕੋਈ ਰੋਕ ਨਹੀਂ ਰਿਹਾ।

ਐਨ ਜੀ ਟੀ ਦੇ ਚੀਫ ਜਸਟਿਸ ਆਦਰਸ਼ ਕੁਮਾਰ ਗੋਇਲ ਦੀ ਬੈਂਚ ਨੇ ਕਿਹਾ ਕਿ ਸਥਾਈ ਰੈਗੂਲੇਟਰੀਜ਼ ਦੀ ਤਾਜ਼ਾ ਰਿਪੋਰਟ ਤੋਂ ਸਹੀ ਜਾਣਕਾਰੀ ਦੇ ਬਾਵਜੂਦ ਇੱਕ ਵੀ ਵਿਅਕਤੀ ਦੇ ਖਿਲਾਫ ਕਾਰਵਾਈ ਨਹੀਂ ਹੋਈ। ਨੋਇਡਾ ਅਥਾਰਟੀ, ਜ਼ਿਲ੍ਹਾ ਅਧਿਕਾਰੀਆਂ, ਉਤਰ ਪ੍ਰਦੇਸ਼ ਰਾਜ ਵਾਤਾਵਰਣ ਪ੍ਰਭਾਵ ਮੁਲਾਂਕਣ ਅਥਾਰਟੀ (ਐਸ ਈ ਆਈ ਏ ਏ), ਰਾਜ ਅਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਇੱਥੋਂ ਤਕ ਕਿ ਉਤਰ ਪ੍ਰਦੇਸ਼ ਪੁਲਸ ਦੇ ਕੋਲ ਸ਼ਕਤੀਆਂ ਦੀ ਕਮੀ ਨਹੀਂ ਹੈ, ਪਰੰਤੂ ਹੈਰਾਨੀ ਹੈ ਕਿ ਨੋਇਡਾ ਦੇ ਵਕੀਲ ਨੇ ਕਿਹਾ ਕਿ ਉਹ ਲਾਚਾਰ ਹਨ ਕਿਉਂਕਿ ਉਨ੍ਹਾਂ ਕੋਲ ਕੋਈ ਸ਼ਕਤੀ ਨਹੀਂ ਹੈ।ਐਨ ਜੀ ਟੀ ਨੇ ਇਹ ਹੁਕਮ ਨੋਇਡਾ ਵਾਸੀ ਅਭਿਸ਼ਟ



ਕੁਸੁਮ ਗੁਪਤਾ ਦੀ ਅਰਜ਼ੀ ਉੱਤੇ ਸੁਣਵਾਈ ਵੇਲੇ ਦਿੱਤਾ, ਜਿਨ੍ਹਾਂ ਨੇ ਗੌਤਮਬੁੱਧ ਨਗਰ ਜ਼ਿਲ੍ਹੇ ਦੇ ਨੋਇਡਾ ਸੈਕਟਰ 137 ਵਿੱਚ ਨਹਿਰ ਵਿੱਚ ਸੀਵਰ ਦਾ ਪਾਣੀ ਛੱਡਣ ਦੀ ਸ਼ਿਕਾਇਤ ਕੀਤੀ ਸੀ।

# ਚਾਰਜਸ਼ੀਟ ਵਿੱਚ ਖੁਲਾਸਾ : ਸਾਗਰ ਪਹਿਲਵਾਨ ਤੇ ਉਸ ਦੇ ਦੋਸਤਾਂ ਨੂੰ ਸੁਸ਼ੀਲ ਅਤੇ ਹੋਰਨਾਂ ਨੇ 30-40 ਮਿੰਟ ਬੁਰੀ ਤਰ੍ਹਾਂ ਕੁੱਟਿਆ

ਨਵੀਂ ਦਿੱਲੀ। ਓਲੰਪਿਕ ਤਮਗਾ ਜੇਤੂ ਪਹਿਲਵਾਨ ਸੁਸ਼ੀਲ ਕੁਮਾਰ ਤੇ ਉਸ ਦੇ ਸਾਥੀਆਂ ਨੇ ਛਤਰਸਾਲ ਸਟੇਡੀਅਮ ਦਾ ਦਰਵਾਜ਼ਾ ਅੰਦਰੋਂ ਬੰਦ ਕਰ ਕੇ ਕੁਸ਼ਤੀ ਦੇ ਸਾਬਕਾ ਜੂਨੀਅਰ ਰਾਸ਼ਟਰੀ ਚੈਂਪੀਅਨ ਸਾਗਰ ਧਨਖੜ ਅਤੇ ਹੋਰਨਾਂ ਨੂੰ ਡੰਡਿਆਂ, ਹਾਕੀਆਂ ਅਤੇ ਬੇਸਬੈਟਾਂ ਨਾਲ ਤੀਹ ਤੋਂ ਚਾਲੀ ਮਿੰਟ ਕੁੱਟਿਆ ਸੀ। ਕਤਲ ਕੇਸ ਵਿੱਚ ਦਿੱਲੀ ਪੁਲਸ ਵੱਲੋਂ ਦਾਇਰ ਦੋਸ਼-ਪੱਤਰ ਵਿੱਚ ਇਹ ਜਾਣਕਾਰੀ ਦਿੱਤੀ ਗਈ ਹੈ।

ਵਰਨਣ ਯੋਗ ਹੈ ਕਿ ਧਨਖੜ ਤੇ ਉਸ ਦੇ ਚਾਰ ਦੋਸਤਾਂ ਨਾਲ ਜਾਇਦਾਦੀ ਝਗੜੇ ਬਾਰੇ ਚਾਰ-ਪੰਜ ਮਈ ਦੀ ਅੱਧੀ ਰਾਤ ਨੂੰ ਸਟੇਡੀਅਮ ਵਿੱਚ ਸੁਸ਼ੀਲ ਕੁਮਾਰ ਤੇ ਹੋਰਨਾਂ ਨੇ ਕੁੱਟਮਾਰ ਕੀਤੀ ਸੀ। ਬਾਅਦ ਵਿੱਚ ਸਾਗਰ ਦੀ ਮੌਤ ਹੋ ਗਈ।ਪੁਲਸ ਦੀ ਜਾਂਚ ਵਿੱਚ ਪਤਾ ਲੱਗਾ ਕਿ ਸਾਗਰ ਤੇ ਉਸ ਦੇ ਦੋਸਤਾਂ ਨੂੰ ਦਿੱਲੀ ਵਿੱਚ ਦੋ ਵੱਖ-ਵੱਖ ਸਥਾਨਾਂ ਤੋਂ ਅਗਵਾ ਕਰ ਕੇ ਸਟੇਡੀਅਮ ਵਿੱਚ ਲਿਆਂਦਾ ਗਿਆ ਸੀ, ਜਿਸ ਪਿੱਛੋਂ ਗੇਟ ਨੂੰ ਅੰਦਰੋਂ ਬੰਦ ਕਰ ਦਿੱਤਾ ਅਤੇ ਸੁਰੱਖਿਆ ਗਾਰਡਾਂ ਨੂੰ ਉਥੋਂ ਚਲੇ ਜਾਣ ਨੂੰ ਕਿਹਾ ਗਿਆ। ਪੁਲਸ ਨੇ 1000 ਸਫਿਆਂ ਦੀ ਆਪਣੀ ਆਖਰੀ ਰਿਪੋਰਟ ਵਿੱਚ ਕਿਹਾ ਕਿ ਸਟੇਡੀਅਮ ਵਿੱਚ ਸਾਰੇ ਪੀੜਤਾਂ ਨੂੰ ਘੇਰ ਲਿਆ ਗਿਆ ਅਤੇ ਸਾਰੇ ਦੋਸ਼ੀਆਂ ਨੇ ਉਨ੍ਹਾਂ ਨੂੰ ਬੁਰੀ ਤਰ੍ਹਾਂ ਕੁੱਟਿਆ।ਜਾਂਚ ਕਰ ਰਹੇ ਅਪਰਾਧ ਸੈਲ ਨੇ ਇਹ ਖੁਲਾਸਾ ਕੀਤਾ ਹੈ ਕਿ ਕੁਝ ਦੋਸ਼ੀ ਉਥੇ ਬੰਦੂਕਾਂ ਲੈ ਕੇ ਆਏ ਸਨ ਤੇ ਉਨ੍ਹਾਂ ਨੇ ਪੀੜਤਾਂ ਨੂੰ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦਿੱਤੀ ਸੀ। ਪੁਲਸ ਨੇ ਸੁਸ਼ੀਲ ਅਤੇ ਉਸ ਦੇ ਸਾਥੀਆਂ ਕੋਲੋਂ ਪੰਜ ਵਾਹਨ ਜ਼ਬਤ ਕੀਤੇ ਹਨ। ਇੱਕ ਵਾਹਨ ਦੀ ਪਿਛਲੀ ਸੀਟ ਤੋਂ ਇੱਕ ਡਬਲ ਬੈਰਲ ਬੰਦੂਕ ਅਤੇ ਪੰਜ ਜ਼ਿੰਦਾ ਕਾਰਤੂਸ ਮਿਲੇ ਹਨ। ਅਪਰਾਧ ਸੈਲ ਨੇ ਓਲੰਪਿਕ ਤਮਗਾ ਜੇਤੂ ਸੁਸ਼ੀਲ ਕੁਮਾਰ ਨੂੰ ਮਾਮਲੇ ਦੇ



ਮੁੱਖ ਦੋਸ਼ੀ ਵਜੋਂ ਨਾਮਜ਼ਦ ਕੀਤਾ ਹੈ।ਪੁਲਸ ਨੇ ਦੱਸਿਆ ਕਿ ਇਹ ਘਟਨਾ ਸਾਗਰ ਤੇ ਸੋਨੂੰ ਵੱਲੋਂ ਸੁਸ਼ੀਲ ਦਾ ਫਲੈਟ ਖਾਲੀ ਨਾ ਕਰਨ ਦੀ ਮਨਸ਼ਾ ਅਤੇ ਸਟੇਡੀਅਮ ਵਿੱਚ ਹੋਈ ਉਸ ਕਨਸੋਅ ਕਾਰਨ ਵਾਪਰੀ ਕਿ ਓਲੰਪਿਕ ਚੈਂਪੀਅਨ ਪਹਿਲਵਾਨ ਦੋਵਾਂ ਤੋਂ ਡਰ ਗਿਆ ਸੀ ਅਤੇ ਉਨ੍ਹਾਂ ਦਾ ਸਾਹਮਣਾ ਨਹੀਂ ਕਰ ਸਕਦਾ ਸੀ।ਇਸ ਦੌਰਾਨ ਸਾਗਰ ਧਨਖੜ ਦਾ ਇੱਕ ਸਾਥੀ ਸੁਸ਼ੀਲ ਤੇ ਉਸ ਦੇ ਗੁੰਡਿਆਂ ਤੋਂ ਬਚ ਨਿਕਲਣ ਵਿੱਚ ਸਫਲ ਹੋ ਗਿਆ ਤੇ ਉਸ ਨੇ ਪੁਲਸ ਨੂੰ ਫੋਨ ਕੀਤਾ, ਜਿਸ ਤੋਂ ਬਾਅਦ ਸਥਾਨਕ ਪੁਲਸ ਅਤੇ ਪੀ ਸੀ ਆਰ ਵੈਨ ਕਰਮਚਾਰੀ ਸਟੇਡੀਅਮ ਵਿੱਚ ਪਹੁੰਚੇ। ਜਾਂਚ ਵਿੱਚ ਪਤਾ ਲੱਗਾ ਹੈ ਕਿ ਪੁਲਸ ਦੇ ਉਥੇ ਪਹੁੰਚਦੇ ਹੀ ਸਾਰੇ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ।

# ਬਾਂਦੀਪੋਰਾ ਵਿੱਚ ਪਾਕਿਸਤਾਨੀ ਅੱਤਵਾਦੀ ਬਾਬਰ ਅਲੀ ਮਾਰਿਆ ਗਿਆ

ਸ੍ਰੀਨਗਰ। ਉਤਰੀ ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ਵਿੱਚਕੱਲ੍ਹ ਸੁਰੱਖਿਆ ਦਸਤਿਆਂ ਨਾਲ ਮੁਕਾਬਲੇ ਵਿੱਚ ਲਸ਼ਕਰ ਏ ਤੋਇਬਾ (ਐਲ ਈ ਟੀ) ਦਾ ਪਾਕਿਸਤਾਨੀ ਅੱਤਵਾਦੀ ਮਾਰਿਆ ਗਿਆ ਹੈ।

ਪੁਲਸ ਨੇ ਦੱਸਿਆ ਕਿ ਬਾਂਦੀਪੋਰਾ ਵਿਖੇ ਚੰਦਾਜੀ ਵਿੱਚ ਅੱਤਵਾਦੀਆਂ ਦੇ ਹੋਣ ਦੀ ਸੂਚਨਾ ਉੱਤੇ ਕਾਰਵਾਈ ਕਰਦੇ ਹੋਏ ਰਾਸ਼ਟਰੀ ਰਾਈਫਲਜ਼ (ਆਰ ਆਰ), ਕੇਂਦਰੀ ਰਿਜ਼ਰਵ ਪੁਲਸ ਬਲ (ਸੀ ਆਰ ਪੀ ਐਫ) ਅਤੇ ਜੰਮੂ ਕਸ਼ਮੀਰ ਪੁਲਸ ਦੇ ਵਿਸ਼ੇਸ਼ ਅਪਰੇਸ਼ਨ ਗਰੁੱਪ (ਐਸ ਓ ਜੀ) ਦੇ ਜਵਾਨਾਂ ਨੇ ਤਲਾਸ਼ੀ ਸ਼ੁਰੂ ਕੀਤੀ ਤਾਂ ਇਲਾਕੇ ਵਿੱਚ ਲੁਕੇ ਅੱਤਵਾਦੀਆਂ ਨੇ ਆਟੋਮੈਟਿਕ ਹਥਿਆਰਾਂ ਨਾਲ ਗੋਲੀਬਾਰੀ ਸ਼ੁਰੂ ਕਰ ਦਿੱਤੀ। ਸੁਰੱਖਿਆ ਦਸਤਿਆਂ ਦੀ ਜਵਾਬੀ ਕਾਰਵਾਈ ਵਿੱਚ ਲਸ਼ਕਰ ਏ ਤੋਇਬਾ ਦਾ ਅੱਤਵਾਦੀ ਮਾਰਿਆ ਗਿਆ। ਜਾਣਕਾਰ ਸੂਤਰਾਂ ਮੁਤਾਬਕ ਮਾਰੇ ਗਏ ਅੱਤਵਾਦੀ ਦੀ ਪਛਾਣ ਪਾਕਿ-ਸਤਾਨ ਦੇ ਪੰਜਾਬ ਸੂਬੇ ਦੇ ਉਕਾੜਾ ਜ਼ਿਲ੍ਹੇ ਦੇ ਬਾਬਰ ਅਲੀ ਵਜੋਂ ਹੋਈ ਹੈ। ਪਤਾ ਲੱਗਾ ਹੈ ਕਿ ਕਿ ਪਿਛਲੇ ਮਹੀਨੇ ਸੁਰੱਖਿਆ ਫੋਰਸਾਂ ਨਾਲ ਮੁਕਾਬਲੇ ਵਿੱਚ ਤਿੰਨ ਅੱਤਵਾਦੀ ਮਾਰੇ ਜਾਣ ਵੇਲੇ ਉਹ ਜੰਗਲ ਵਿੱਚ ਭੱਜ ਗਿਆ ਸੀ।ਇਕ ਹੋਰ ਘਟਨਾ ਵਿੱਚ ਮੱਧ ਕਸ਼ਮੀਰ ਦੇ ਸ੍ਰੀਨਗਰ ਜ਼ਿਲ੍ਹੇ ਦੇ ਸ਼ੀਰਾਜ ਖਾਨਿਆਰ ਇਲਾਕੇ ਵਿੱਚ ਅੱਤਵਾਦੀਆਂ ਵੱਲੋਂ ਪੁਲਸ ਉੱਤੇਕੀਤੀ ਗੋਲੀਬਾਰੀ ਵਿਚ ਇੱਕ ਪੁਲਸ ਵਾਲਾ ਅਤੇ ਇੱਕ ਨਾਗਰਿਕ ਜ਼ਖਮੀ ਹੋ ਗਿਆ। ਦੋਵਾਂ ਨੂੰ ਇਲਾਜ ਲਈ



ਨੇੜਲੇ ਹਸਪਤਾਲ ਦਾਖਲ ਕਰਾਇਆ ਗਿਆ ਹੈ। ਇਸ ਦੌਰਾਨ ਸੁਰੱਖਿਆ ਦਸਤਿਆਂ ਨੇ ਪੂਰੇ ਇਲਾਕੇ ਦੀ ਘੇਰਾਬੰਦੀ ਕਰ ਕੇ ਅੱਤਵਾਦੀਆਂ ਨੂੰ ਫੜਨ ਲਈ ਤਲਾਸ਼ੀ ਸ਼ੁਰੂ ਕਰ ਦਿੱਤੀ ਹੈ। ਜ਼ਖਮੀ ਪੁਲਸ ਕਰਮਚਾਰੀ ਦੀ ਪਛਾਣ ਅਬਦੁਲ ਵਹੀਦ ਦੇ ਰੂਪ ਵਿੱਚ ਕੀਤੀ ਗਈ ਹੈ। ਉਹ ਪੁਲਸ ਥਾਣਾ ਖਾਨਿਆਰ ਵਿੱਚ ਤੈਨਾਤ ਸੀ।

# ਉਮਰ ਅਬਦੁੱਲਾ ਕਹਿੰਦਾ: ਜੰਮੂ-ਕਸ਼ਮੀਰ ਦਾ ਜੋ ਵੀ ਵਿਕਾਸ ਹੋਇਆ, ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਵੇਲੇ ਹੋਇਆ

ਸ੍ਰੀਨਗਰ। ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਦਾ ਇਹ ਕਹਿਣਾ ਹੈ ਕਿ ਕਸ਼ਮੀਰ ਦਾ ਜੋ ਵੀ ਵਿਕਾਸ ਨਜ਼ਰ ਆ ਰਿਹਾ ਹੈ, ਉਹ ਸਭ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਸਮੇਂ ਹੋਇਆ ਹੈ, ਮੋਦੀ ਸਰਕਾਰ ਨੇ ਕਸ਼ਮੀਰ ਵਿੱਚ ਕੋਈ ਵਿਕਾਸ ਨਹੀਂ ਕੀਤਾ।



234 ਦਿਨ ਨਜ਼ਰਬੰਦ ਰਹਿਣ ਪਿੱਛੋਂ ਉਮਰ ਅਬਦੁੱਲਾ ਨੇ ਪਹਿਲੀ ਇੰਟਰਵਿਊ ਦੌਰਾਨ ਜੰਮੂ ਕਸ਼ਮੀਰ ਤੋਂ ਧਾਰਾ 370 ਹਟਾਏ ਜਾਣ ਪਿੱਛੋਂ ਪਾਕਿਸਤਾਨ, ਕਸ਼ਮੀਰ, ਵਿਕਾਸ, ਪੱਥਰਾਬਾਜ਼ੀ ਅਤੇ ਕਸ਼ਮੀਰੀ ਪੰਡਤਾਂ ਦੀ ਘਰ ਵਾਪਸੀ ਦੇ ਮੁੱਦਿਆਂ ਉੱਤੇ ਸਵਾਲਾਂ ਦੇ ਜਵਾਬ ਦਿੱਤੇ ਹਨ। ਧਾਰਾ 370 ਖਤਮ ਕਰਨ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ ਹੋਏ ਵਿਕਾਸ ਬਾਰੇ ਸਵਾਲ ਦਾ ਜਵਾਬ ਦਿੰਦਿਆਂ ਉਮਰ ਅਬਦੁੱਲਾ ਨੇ ਕਿਹਾ ਕਿ ਕਸ਼ਮੀਰ ਵਿੱਚ ਜੋ ਵਿਕਾਸ ਨਜ਼ਰ ਆ ਰਿਹਾ ਹੈ, ਉਹ ਸਭ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੇ ਸਮੇਂ ਹੋਇਆ ਹੈ, ਮੋਦੀ ਸਰਕਾਰ ਨੇ ਕਸ਼ਮੀਰ ਦਾ ਕੋਈ ਵਿਕਾਸ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸਾਡਾ ਜੰਮੂ-ਕਸ਼ਮੀਰ, ਗੁਜਰਾਤ ਤੇ ਉਤਰ ਪ੍ਰਦੇਸ਼ ਤੋਂ ਵੱਧ ਵਿਕਸਿਤ ਹੈ, ਮਨੁੱਖੀ ਵਿਕਾਸ ਸੂਚਕ ਅੰਕ ਵਿੱਚ ਵੀ ਜੰਮੂ ਕਸ਼ਮੀਰ ਗੁਜਰਾਤ ਤੋਂ ਉਪਰ ਹੈ, ਇਹ ਸਭ ਪਿਛਲੇ ਦੋ ਸਾਲਾਂ ਵਿੱਚ ਨਹੀਂ ਹੋਇਆ।ਉਮਰ ਅਬਦੁੱਲਾ ਨੇ ਕਿਹਾ ਕਿ ਜੰਮੂ ਕਸ਼ਮੀਰ ਵਿੱਚ ਜੋ ਵੀ ਪ੍ਰੋਜੈਕਟ ਦਿਖਾਈ ਦੇ ਰਹੇ ਹਨ, ਉਨ੍ਹਾਂ ਵਿੱਚੋਂ ਬਹੁਤੇ ਪਿਛਲੀਆਂ ਸਰਕਾਰਾਂ ਵੇਲੇ ਦੇ ਹਨ। ਉਨ੍ਹਾ ਕਿਹਾ ਕਿ ਚਾਹੇ ਕਿਸੇ ਤਰ੍ਹਾਂ ਕਸ਼ਮੀਰ ਤੋਂ ਧਾਰਾ 370 ਹਟਾਈ ਗਈ ਹੈ, ਮੇਰਾ ਨਜ਼ਰੀਆ ਆਪਣੇ ਦੇਸ਼ ਲਈ ਪਹਿਲਾਂ ਵਾਂਗ ਹੈ, ਦੇਸ਼ ਪ੍ਰਤੀ ਨਜ਼ਰੀਆ ਨਹੀਂ ਬਦਲਿਆ, ਮੋਦੀ ਸਰਕਾਰ ਲਈ ਬਦਲਿਆ ਹੈ। ਮੈਨੂੰ 234 ਦਿਨ ਨਜ਼ਰਬੰਦ ਰੱਖਿਆ ਤਾਂ ਦੇਸ਼ ਨੇ ਨਹੀਂ, ਮੋਦੀ ਸਰਕਾਰ ਨੇ ਨਜ਼ਰਬੰਦ ਕਰ ਕੇ ਰੱਖਿਆ ਸੀ।

# ਦਿੱਲੀ ਦੇ ਵਿਧਾਇਕਾਂ ਨੂੰ ਤਨਖਾਹ-ਭੱਤੇ ਵਜੋਂ ਹਰ ਮਹੀਨੇ 90 ਹਜ਼ਾਰ ਰੁਪਏ ਮਿਲਣਗੇ

ਨਵੀਂ ਦਿੱਲੀ। ਆਮ ਆਦਮੀ ਪਾਰਟੀ ਦੀ ਸਰਕਾਰ ਨੇਦਿੱਲੀ ਦੇ ਵਿਧਾਇਕਾਂ ਦੀ ਤਨਖਾਹ ਵਿੱਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਪਿੱਛੋਂ ਵਿਧਾਇਕਾਂ ਨੂੰ ਤਨਖਾਹ ਤੇ ਭੱਤੇ ਵਜੋਂ ਨੱਬੇ ਹਜ਼ਾਰ ਰੁਪਏ ਮਿਲਣਗੇ। ਇਸ ਤੋਂ ਪਹਿਲਾਂ ਵਿਧਾਇਕਾਂ ਨੂੰ ਤਨਖਾਹ ਤੇ ਭੱਤੇ ਦੇ ਰੂਪ ਵਿੱਚ 53 ਹਜ਼ਾਰ ਰੁਪਏ ਮਿਲਦੇ ਸਨ, ਜਿਸ ਵਿੱਚ 12000 ਰੁਪਏ ਤਨਖਾਹ ਅਤੇ ਬਾਕੀ ਰਾਸ਼ੀ ਭੱਤੇ ਵਜੋਂ ਸਨ। ਨਵੇਂ ਵਾਧੇ ਪਿੱਛੋਂ ਹਰ ਵਿਧਾਇਕ ਨੂੰ ਤੀਹ ਹਜ਼ਾਰ ਰੁਪਏ ਤਨਖਾਹ ਤੇ ਭੱਤੇ ਦੇ ਰੂਪ ਵਿੱਚ 60 ਹਜ਼ਾਰ ਰੁਪਏ ਮਿਲਣਗੇ ਅਤੇ ਕੁੱਲ ਮਿਲਾ ਕੇ ਨੱਬੇ ਹਜ਼ਾਰ ਰੁਪਏ ਮਹੀਨਾ ਹੋਣਗੇ।ਇਸ ਸੰਬੰਧ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਤਨਖਾਹਾਂ ਵਧਾਉਣ ਦੇ ਬਾਵਜੂਦ ਦਿੱਲੀ ਦੇ



ਵਿਧਾਇਕ ਦੇਸ਼ ਵਿੱਚ ਸਭ ਤੋਂ ਘੱਟ ਤਨਖਾਹ ਲੈਣ ਵਾਲੇ ਵਿਧਾਇਕ ਹੋਣਗੇ। ਪਤਾ ਲੱਗਾ ਹੈ ਕਿ ਦਿੱਲੀ ਦੇ ਵਿਧਾਇਕਾਂ ਦੀਆਂ ਤਨਖਾਹਾਂ ਵਿੱਚ ਪਿਛਲੇ 10 ਸਾਲਾਂ ਤੋਂ ਵਾਧਾ ਨਹੀਂ ਹੋਇਆ। ਕੇਜਰੀਵਾਲ ਸਰਕਾਰ ਨੇ ਦਸੰਬਰ 2015 ਵਿੱਚ ਦਿੱਲੀ ਵਿਧਾਨ ਸਭਾ ਵਿੱਚ ਇੱਕ ਬਿੱਲ ਪਾਸ ਕਰਾਇਆ ਸੀ, ਜਿਸ ਵਿੱਚ ਵਿਧਾਇਕਾਂ ਦੀ ਤਨਖਾਹ ਵਧਾ ਕੇ 2.10 ਲੱਖ ਰੁਪਏ ਪ੍ਰਤੀ ਮਹੀਨਾ ਕਰਨ ਦੀ ਤਜਵੀਜ਼ ਕੀਤੀ ਗਈ ਸੀ। ਮਿਲੀ ਜਾਣਕਾਰੀ ਮੁਤਾਬਕ ਇਸ ਨੂੰ ਵਿਧਾਨ ਸਭਾ ਵਿੱਚ ਪੇਸ਼ ਕਰਨ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਦੀ ਪ੍ਰਵਾਨਗੀ ਨਹੀਂ ਲਈ ਗਈ ਸੀ, ਇਸ ਲਈ ਇਹ ਬਿੱਲ ਰੱਦ ਹੋ ਗਿਆ ਸੀ।

# ਚੋਰੀ ਦੀਆਂ ਚਾਲੀ ਵਾਰਦਾਤਾਂ ਕਰਨ ਵਾਲੇ ਗੈਂਗ ਦੇ 7 ਦੋਸ਼ੀ ਗ੍ਰਿਫਤਾਰ

ਕਪੂਰਥਲਾ। ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਚਾਲੀ ਦੇ ਕਰੀਬ ਚੋਰੀ ਦੀਆਂ ਵਾਰਦਾਤਾਂ ਕਰ ਕੇ ਦਹਿਸ਼ਤ ਫੈਲਾ ਚੁੱਕੇ ਇੱਕ ਗੈਂਗ ਦੇ ਸੱਤ ਦੋਸ਼ੀਆਂ ਨੂੰ ਜ਼ਿਲ੍ਹਾ ਪੁਲਸ ਨੇ ਗ੍ਰਿਫਤਾਰ ਕੀਤਾ ਅਤੇ ਚੋਰੀ ਕੀਤਾ 145 ਲੀਟਰ ਟਰਾਂਸਫਾਰਮਰਾਂ ਦਾ ਤੇਲ, ਕਾਰ ਅਤੇ ਚਾਰ ਨਸ਼ੀਲੇ ਇੰਜੈਕਸ਼ਨ ਤੇ 14 ਸ਼ੀਸ਼ੀਆਂ ਫੜੀਆਂ ਹਨ।

ਐਸ ਐਸ ਪੀ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਜ਼ਿਲ੍ਹਾ ਕਪੂਰਥਲਾ ਵਿੱਚ ਪਾਵਰਕਾਮ ਅਤੇ ਸਥਾਨਕ ਲੋਕਾਂ ਤੋਂ ਟਰਾਂਸਫਾਰਮਰਾਂ ਵਿੱਚੋਂ ਤੇਲ ਚੋਰੀ ਦੇਕਾਰਨ ਬਿਜਲੀ ਸਪਲਾਈ ਵਿੱਚ ਰੁਕਾਵਟਾਂ ਦੀਆਂ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ। ਇਨ੍ਹਾਂ ਵਾਰਦਾਤਾਂ ਨੂੰ ਰੋਕਣ ਲਈ ਡੀ ਐਸ ਪੀ ਸੁਰਿੰਦਰ ਸਿੰਘ ਦੀ ਨਿਗਰਾਨੀ ਵਿੱਚ ਐਸ ਐਚ ਓ ਸਦਰ ਕਪੂਰਥਲਾ ਗੁਰਦਿਆਲ ਸਿੰਘ ਨੇ ਜਦ ਇਲਾਕੇ ਵਿੱਚ ਛਾਪੇਮਾਰੀ ਕੀਤੀ ਤਾਂ ਚੋਰੀ ਦੀ ਵਾਰਦਾਤ ਦੀ ਯੋਜਨਾ ਬਣਾ ਰਹੇ ਸੱਤ ਦੋਸ਼ੀਆਂ ਭਾਨ ਸਿੰਘ ਉਰਫ ਭਾਨਾ, ਸੁੱਖਾ ਉਰਫ ਕੱਟਾ ਵਾਸੀ ਸੁੰਦਰ ਨਗਰ, ਜਸਕਰਨ ਸਿੰਘ ਉਰਫ ਬੰਟੀ ਵਾਸੀ ਪ੍ਰੀਤ ਨਗਰ, ਦੀਪਕ ਕੁਮਾਰ ਹਰਮਨਜੋਤ



ਸਿੰਘ ਪਿੰਡ ਰੱਤਾ ਨੌਂ ਆਬਾਦ, ਸਤਵਿੰਦਰ ਸਿੰਘ ਵਾਸੀ ਆਰ ਸੀ ਐਫ ਖੇਤਰ ਅਤੇ ਜਰਨੈਲ ਸਿੰਘ ਵਾਸੀ ਪਿੰਡ ਬਹੁਈ ਕਪੂਰਥਲਾ ਨੂੰ ਗ੍ਰਿਫਤਾਰ ਕਰ ਲਿਆ ਹੈ।

# ਪੱਛਮੀ ਬੰਗਾਲ 'ਚ ਹੜ੍ਹਾਂ ਦੀ ਸਥਿਤੀ ਬਾਰੇ ਮਮਤਾ ਵੱਲੋਂ ਮੋਦੀ ਨੂੰ ਪੱਤਰ

ਕੋਲਕਾਤਾ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸੂਬੇ ਦੇ ਛੇ ਜ਼ਿਲ੍ਹਿਆਂ ਵਿੱਚ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਮਗਰੋਂ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਸੂਬੇ ਵਿੱਚ ਡੈਮਾਂ ਦੀ ਸਥਿਤੀ ਵਿੱਚ ਸੁਧਾਰ ਕਰਨ ਸਬੰਧੀ ਯੋਜਨਾ ਬਣਾਉਣ ਵਿੱਚ ਉਨ੍ਹਾਂ ਦਾ ਦਖ਼ਲ ਮੰਗਿਆ ਹੈ। ਮਮਤਾ ਬੈਨਰਜੀ ਨੇ ਹੜ੍ਹਾਂ ਨੂੰ ਮਨੁੱਖ ਦੀਆਂ ਗ਼ਲਤੀਆਂ ਦਾ ਨਤੀਜਾ ਦੱਸਿਆ ਤੇ ਕਿਹਾ ਕਿ ਦਾਮੋਦਰ ਵੈਲੀ ਕਾਰਪੋਰੇਸ਼ਨ (ਡੀਵੀਸੀ) ਦੇ ਪੰਚੇਤ, ਮੈਥੌਨ ਤੇ ਤੇਨੂਘਾਟ ਡੈਮਾਂ ਅਤੇ ਦੁਰਗਾਪੁਰ ਬੰਨ੍ਹ 'ਤੋਂ ਛੱਡੇ ਗਏ ਪਾਣੀ ਕਾਰਨ ਸੂਬੇ ਵਿੱਚ ਹੜ੍ਹ ਵਰਗੇ ਹਾਲਾਤ ਪੈਦਾ ਹੋਏ ਹਨ। ਉਨ੍ਹਾਂ ਨੇ ਪੱਤਰ ਵਿੱਚ ਲਿਖਿਆ ਕਿ ਹੜ੍ਹ ਨਾਲ ਜਿੱਥੇ 16 ਵਿਅਕਤੀਆਂ ਦੀ ਮੌਤ ਹੋ ਗਈ, ਉੱਥੇ ਹੀ ਲੱਖਾਂ ਕਿਸਾਨਾਂ ਦੀ ਫ਼ਸਲ ਵੀ ਖ਼ਰਾਬ ਹੋ ਗਈ। ਇਸ ਤੋਂ ਇਲਾਵਾ ਘਰ, ਪੁਲ, ਬਿਜਲੀ ਦੀਆਂ ਤਾਰਾਂ ਤੇ ਹੋਰ ਚੀਜ਼ਾਂ ਦਾ ਵੀ ਭਾਰੀ ਨੁਕਸਾਨ ਹੋਇਆ ਹੈ। ਮੁੱਖ ਮੰਤਰੀ ਨੇ ਆਪਣੇ ਚਾਰ ਪੰਨਿਆਂ ਦੇ ਪੱਤਰ ਵਿੱਚ ਲਿਖਿਆ, 'ਅਸੀਂ ਜਲਦੀ ਤੁਹਾਨੂੰ ਹੜ੍ਹ ਦੀ ਵਰਤਮਾਨ ਸਥਿਤੀ ਨਾਲ ਹੋਏ ਨੁਕਸਾਨ ਦੀ ਸਮੀਖਿਆ ਰਿਪੋਰਟ ਭੇਜਾਂਗੇ।' ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਫੋਨ ਕਰ ਕੇ ਸੂਬੇ 'ਚ ਹੜ੍ਹਾਂ ਦੀ ਸਥਿਤੀ ਬਾਰੇ ਜਾਣਕਾਰੀ ਲਈ ਅਤੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਪ੍ਰਧਾਨ ਮੰਤਰੀ ਦਫ਼ਤਰ (ਪੀਐੱਮਓ) ਵੱਲੋਂ ਟਵੀਟ ਕੀਤਾ ਗਿਆ, 'ਪ੍ਰਧਾਨ ਮੰਤਰੀ ਮੋਦੀ ਨੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਨਾਲ ਗੱਲਬਾਤ ਕੀਤੀ ਅਤੇ ਸੂਬੇ 'ਚ ਡੈਮਾਂ ਵਿੱਚੋਂ ਛੱਡੇ ਪਾਣੀ ਕਾਰਨ ਬਣੀ ਹੜ੍ਹਾਂ ਦੀ ਸਥਿਤੀ ਦੀ ਜਾਣਕਾਰੀ ਹਾਸਲ ਕੀਤੀ।' ਟਵੀਟ 'ਚ ਕਿਹਾ ਗਿਆ ਕਿ ਪ੍ਰਧਾਨ ਮੰਤਰੀ ਨੇ ਹਾਲਾਤ ਦੇ ਟਾਕਰੇ ਲਈ ਕੇਂਦਰ ਵੱਲੋਂ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ ਹੈ। ਪੀਐੱਮਓ ਵੱਲੋਂ ਕਿਹਾ ਗਿਆ ਕਿ ਪ੍ਰਧਾਨ ਮੰਤਰੀ ਨੇ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਸੁਰੱਖਿਆ ਦੀ ਪ੍ਰਾਰਥਨਾ ਕੀਤੀ ਹੈ। ਸੂਬਾ ਸਰਕਾਰ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਅੱਜ ਹੜ੍ਹ ਪ੍ਰਭਾਵਿਤ ਜ਼ਿਲ੍ਹੇ ਹਾਵੜਾ ਦਾ ਦੌਰਾ ਕੀਤਾ।



# ਖੇਤੀ ਕਾਨੂੰਨ: ਹਰਸਿਮਰਤ ਤੇ ਬਿੱਟੂ ਹੋਏ ਮਿਹਣੋ-ਮਿਹਣੀ

ਨਵੀਂ ਦਿੱਲੀ। ਲੁਧਿਆਣਾ ਤੋਂ ਕਾਂਗਰਸੀ ਸੰਸਦ ਮੈਂਬਰ ਰਵਨੀਤ ਬਿੱਟੂ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਦੀ ਖੇਤੀ ਕਾਨੂੰਨਾਂ ਨੂੰ ਪਾਸ ਕੀਤੇ ਜਾਣ ਦੇ ਮੁੱਦੇ ਨੂੰ ਲੈ ਕੇ ਅੱਜ ਸੰਸਦ ਦੇ ਬਾਹਰ ਤਿੱਖੀ ਬਹਿਸ ਹੋ ਗਈ। ਦੋਹਾਂ ਪਾਰਟੀਆਂ, ਅਕਾਲੀ ਦਲ ਅਤੇ ਕਾਂਗਰਸ ਦੇ ਸੰਸਦ ਮੈਂਬਰ ਪਾਰਲੀਮੈਂਟ ਦੇ ਬਾਹਰ ਖੇਤੀ ਕਾਨੂੰਨਾਂ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਸਨ ਕਿ ਇਸੇ ਦੌਰਾਨ ਖੇਤੀ ਕਾਨੂੰਨ ਪਾਸ ਕੀਤੇ ਜਾਣ ਦੇ ਮੁੱਦੇ 'ਤੇ ਬਿੱਟੂ ਅਤੇ ਹਰਸਿਮਰਤ ਵਿਚਾਲੇ ਬਹਿਸ ਸ਼ੁਰੂ ਹੋ ਗਈ। ਬਿੱਟੂ ਨੇ ਹਰਸਿਮਰਤ ਬਾਦਲ 'ਤੇ ਕਥਿਤ ਦੋਸ਼ ਲਾਇਆ ਕਿ ਕੈਬਨਿਟ ਦਾ ਹਿੱਸਾ ਹੁੰਦਿਆਂ ਉਨ੍ਹਾਂ ਨੇ ਖੇਤੀ ਕਾਨੂੰਨ ਪਾਸ ਕਰਨ 'ਚ ਮਦਦ ਕੀਤੀ ਹੈ ਜਦਕਿ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਨੇ ਕਾਂਗਰਸ ਵੱਲੋਂ ਲੋਕ ਸਭਾ ਵਿੱਚੋਂ ਵਾਕਆਊਟ ਕਰਦਿਆਂ ਕਾਨੂੰਨਾਂ ਨੂੰ ਪਾਸ ਕਰਨ 'ਚ ਮਦਦ ਕੀਤੀ ਗਈ ਹੈ। ਬਿੱਟੂ ਨੇ ਹਰਸਿਮਰਤ ਨੂੰ ਕਿਹਾ, 'ਜਿਹੜੀ ਕੈਬਨਿਟ ਵੱਲੋਂ ਖੇਤੀ ਕਾਨੂੰਨਾਂ ਨੂੰ ਮਨਜ਼ੂਰੀ ਦਿੱਤੀ ਗਈ ਤੁਸੀਂ ਉਸ ਵਿੱਚ ਸ਼ਾਮਲ ਸੀ ਅਤੇ ਅੱਜ ਇਸ ਮੁੱਦੇ 'ਤੇ ਡਰਾਮਾ ਕਰ ਰਹੇ ਹੋ।' ਇਸ 'ਤੇ ਪਲਟਵਾਰ ਕਰਦਿਆਂ ਬਠਿੰਡਾ ਤੋਂ ਸੰਸਦ ਮੈਂਬਰ ਨੇ ਸਵਾਲ ਦਾਗਿਆ ਕਿ ਜਦੋਂ ਬਿੱਲ ਪਾਸ ਕੀਤੇ ਜਾ ਰਹੇ ਸੀ ਤਾਂ ਉਦੋਂ ਸੋਨੀਆਂ ਗਾਂਧੀ ਅਤੇ ਰਾਹੁਲ ਗਾਂਧੀ ਕਿੱਥੇ ਸਨ? ਹਰਸਿਮਰਤ ਨੇ ਕਿਹਾ, 'ਸਾਰੇ ਕਾਂਗਰਸੀ ਸੰਸਦ ਮੈਂਬਰ ਵਾਕਆਊਟ ਕਰ ਗਏ ਸਨ, ਜਿਸ ਨਾਲ ਸਦਨ ਨੇ ਸੌਖਿਆਂ ਹੀ ਬਿੱਲ ਪਾਸ ਕਰ ਦਿੱਤੇ।' ਇਸ ਮਗਰੋਂ ਇੱਕ ਵਾਰ ਫਿਰ ਬਿੱਟੂ ਨੇ ਹਮਲਾ ਕਰਦਿਆਂ ਕਿਹਾ ਕਿ ਹੁਣ ਜਦੋਂ ਪਾਰਲੀਮੈਂਟ ਅਤੇ 'ਕਿਸਾਨ



ਸੰਸਦ' ਚੱਲ ਰਹੀ ਹੈ ਤਾਂ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਿੱਥੇ ਹਨ। ਬਿੱਟੂ ਨੇ ਕਿਹਾ, 'ਉਹ (ਸੁਖਬੀਰ) ਕਿਸਾਨਾਂ ਦੇ ਮੁੱਦੇ ਚੁੱਕਣ ਲਈ ਪਾਰਲੀਮੈਂਟ 'ਚ ਨਹੀਂ ਆ ਰਹੇ ਅਤੇ ਕਿਤੇ ਨਾ ਕਿਤੇ ਪ੍ਰੈੱਸ ਕਾਨਫਰੰਸ ਕਰ ਰਹੇ ਹੋਣਗੇ। ਜ਼ਿਕਰਯੋਗ ਹੈ ਕਿ ਪੰਜਾਬ ਤੋਂ ਅਕਾਲੀ ਦਲ ਅਤੇ ਕਾਂਗਰਸ ਦੇ ਸੰਸਦ ਮੈਂਬਰ ਸੰਸਦ ਦੇ ਬਾਹਰ ਬੈਨਰ ਫੜ ਕੇ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਦੀ ਮੰਗ ਕਰ ਰਹੇ ਸਨ।

# ਟੋਕੀਓ ਓਲੰਪਿਕ ਤੋਂ ਪਰਤੀ ਸਿਮਰ ਦਾ ਸ਼ਾਨਦਾਰ ਸਵਾਗਤ

## ਓਲੰਪਿਕ ਖੇਡਣ ਵਾਲੀ ਪਹਿਲੀ ਪੰਜਾਬਣ ਮੁੱਕੇਬਾਜ਼ ਹੈ ਸਿਮਰਜੀਤ ਕੌਰ



ਜਗਰਾਉਂ। ਨੇੜਲੇ ਪਿੰਡ ਚਕਰ ਦੀ ਪਹਿਲੀ ਓਲੰਪੀਅਨ ਮੁੱਕੇਬਾਜ਼ ਸਿਮਰਜੀਤ ਕੌਰ ਦਾ ਅੱਜ ਪਿੰਡ ਪਰਤਣ 'ਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਟੋਕੀਓ ਵਿੱਚ ਓਲੰਪਿਕ ਖੇਡ ਕੇ ਪਿੰਡ ਪਹੁੰਚੀ ਸਿਮਰ ਦਾ ਸਭ ਤੋਂ ਪਹਿਲਾਂ ਬਾਬਾ ਬੰਦਾ ਸਿੰਘ ਬਹਾਦਰ ਕਾਨਵੈਂਟ ਸਕੂਲ, ਗੁਰੂ ਨਾਨਕ ਦੇਵ ਪਬਲਿਕ ਸਕੂਲ ਅਤੇ ਬਲੌਜ਼ਮ ਪਬਲਿਕ ਸਕੂਲ ਚਕਰ ਦੀ ਪ੍ਰਬੰਧਕੀ ਕਮੇਟੀ ਅਤੇ ਬੱਚਿਆਂ ਵੱਲੋਂ ਸਨਮਾਨ ਕੀਤਾ ਗਿਆ। ਪਿੰਡ 'ਚ ਦਾਖਲੇ ਸਮੇਂ ਪੰਚਾਇਤ ਅਤੇ ਆਮ ਲੋਕਾਂ ਨੇ ਫੁੱਲਾਂ ਦੇ ਹਾਰ ਤੇ ਸਿਰੋਪਿਆਂ ਨਾਲ ਸਵਾਗਤ ਕੀਤਾ ਅਤੇ ਉਸ ਉਪਰ ਫੁੱਲਾਂ ਦੀ ਵਰਖਾ ਕੀਤੀ। ਉਸ ਨੇ ਵੱਡੇ ਕਾਫ਼ਲੇ ਨਾਲ ਖੁੱਲ੍ਹੀ ਜੀਪ 'ਚ ਪਿੰਡ ਦਾ ਗੇੜਾ ਲਗਾਇਆ। ਅਗਲੇ ਪੜਾਅ 'ਚ ਉਸ ਨੇ ਗੁਰਦੁਆਰੇ 'ਚ ਗੁਰੂ ਸਾਹਿਬਾਨ ਦਾ ਸ਼ੁਕਰਾਨਾ ਕੀਤਾ।ਪ੍ਰਿੰਸੀਪਲ ਬਲਵੰਤ ਸਿੰਘ ਸੰਧੂ ਨੇ ਕਿਹਾ ਕਿ ਪਿੰਡ ਲਈ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਪਿੰਡ ਨੇ ਦੇਸ਼ ਨੂੰ ਇਕ ਓਲੰਪੀਅਨ ਦਿੱਤਾ ਹੈ। ਸਿਮਰ ਓਲੰਪਿਕ ਖੇਡਣ ਵਾਲੀ ਪਹਿਲੀ ਪੰਜਾਬਣ ਮੁੱਕੇਬਾਜ਼ ਹੈ। ਉਹ ਭਾਵੇਂ ਕੋਈ ਤਗਮਾ ਨਹੀਂ ਜਿੱਤ ਸਕੀ ਪਰ ਉਸ ਦੀ ਖੇਡ ਅਤੇ ਹੌਸਲਾ ਕਾਬਿਲ-ਏ-ਤਾਰੀਫ਼ ਹੈ। ਸਿਮਰ ਨੇ ਕਿਹਾ ਕਿ ਉਹ ਆਪਣੀ ਹਾਰ ਤੋਂ ਨਿਰਾਸ਼ ਨਹੀਂ ਹੈ, ਸਗੋਂ ਉਹ ਅਗਲੀ ਵਾਰ ਲਈ ਹੋਰ ਮਿਹਨਤ ਕਰੇਗੀ। ਇਸ ਮਗਰੋਂ ਉਸ ਨੇ ਚਕਰ ਸਪੋਰਟਸ ਅਕੈਡਮੀ 'ਚ ਜਾ ਕੇ ਉਸ ਬਾਕਸਿੰਗ ਰਿੰਗ ਨੂੰ ਨਮਸਕਾਰ ਕੀਤੀ, ਜਿੱਥੋਂ ਉਸ ਨੇ ਸ਼ੁਰੂਆਤ ਕੀਤੀ ਸੀ। ਸਾਬਕਾ ਪੰਚ ਰੂਪ ਸਿੰਘ ਸਿੱਧੂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਪਰਮਜੀਤ ਕੌਰ, ਮਾਤਾ ਰਾਜਪਾਲ ਕੌਰ, ਬਾਈ ਰਛਪਾਲ ਸਿੰਘ ਚਕਰ, ਬਾਕਸਿੰਗ ਕੋਚ ਮਿੱਤ ਸਿੰਘ, ਬਾਕਸਿੰਗ ਕੋਚ ਲਵਪ੍ਰੀਤ ਕੌਰ ਅਤੇ ਹੋਰ ਹਾਜ਼ਰ ਸਨ।

# CHANGE OF NAME

I, **SATANTAR SINGH** S/O Mr. Shivraj Singh whose permanent address in India is VPO. Kakkar, Teh. Ajnala, Dist. Amritsar, Punjab, India and is now living at 36 Ribbonfields, Nuneaton, CV11 4JF hereby give notice of my intention to change my name to **SATANTAR SINGH GILL** subject to the approval of The High Commission of India, London.

I, **SANDEEP KAUR GILL** D/O Manpreet Singh whose permanent address in India is House No. 86A, Baba Nand Singh Nagar, Ayali Kalan, Ferozpur Road, Ludhiana – 142027, Punjab and is now living at 60 Matlock Road, Coventry, CV1 4JQ hereby gives notice of my intention to change my name to **SANDEEP KAUR** subject to the approval of The High Commission of India, London.

# ਕਰਮਿੰਦਰ ਪਾਲ ਸਿੰਘ ਨੇ ਕਰਤਾਰਪੁਰ ਨਗਰ ਕੌਂਸਲ ਦੇ ਈ ਉ ਦਾ ਆਹੁਦਾ ਸੰਭਾਲਿਆ

ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ ) ਕਰਮਿੰਦਰ ਪਾਲ ਸਿੰਘ ਨੇ ਨਗਰ ਕੌਂਸਲ ਕਰਤਾਰਪੁਰ ਵਿਖੇ ਨਵੇਂ ਕਾਰਜ ਸਾਧਕ ਅਫਸਰ(ਈ ਉ ) ਦਾ ਅੱਜ ਆਹੁਦਾ ਸੰਭਾਲ ਲਿਆ ਹੈ।ਕਰਮਿੰਦਰ ਪਾਲ ਸਿੰਘ ਦੇ ਦਫਤਰ ਪੁੱਜਣ ਤੇ ਨਗਰ ਕੌਂਸਲ ਦੇ ਪ੍ਰਧਾਨ ਪ੍ਰਿੰਸ ਅਰੋੜਾ, ਕੌਂਸਲਰ ਉਕਾਂਰ ਸਿੰਘ ਮਿੱਠੂ, ਕੌਂਸਲਰ ਡਿੰਪਲ ਕਪੂਰ, ਕੌਂਸਲਰ ਅਸ਼ੋਕ ਕੁਮਾਰ, ਸਿਟੀ ਕਾਂਗਰਸ ਪ੍ਰਧਾਨ ਵੇਦ ਪ੍ਰਕਾਸ਼ ਵੱਲੋਂ ਫੁੱਲਾਂ ਦਾ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ।ਇਸ ਤੋ ਇਲਾਵਾ ਸਟਾਫ ਦੇ ਸ਼ਿਵ ਕੁਮਾਰ ਸ਼ਰਮਾ,ਲਖਵਿੰਦਰ ਸਿੰਘ ਲੱਖਾਂ,ਸੰਕਲਪ ਕੁਮਾਰ, ਜਤਿੰਦਰ ਵਿੱਜ,ਅਜੇ ਕੁਮਾਰ, ਸੋਨੀਆਂ ਅਰੋਹਿਤ ਖੋਸਲਾ, ਵਿਸ਼ਾਲ ਸ਼ਰਮਾ ਵਲੋਂ ਵੀ ਨਿੱਘਾ ਸਵਾਗਤ ਕੀਤਾ ਗਿਆ। ਕਰਮਿੰਦਰ ਪਾਲ ਸਿੰਘ ਨੇ ਦੱਸਿਆ ਕਰਤਾਰਪੁਰ ਦਾ ਉਹਨਾਂ ਕੋਲ ਐਡੀਸ਼ਨਲ ਚਾਰਜ ਹੈ ਹਫਤੇ ਵਿੱਚ 2 ਦਿਨ ਕਰਤਾਰਪੁਰ ਵਿਖੇ ਸੇਵਾਵਾਂ ਦੇਣਗੇ।ਉਨ੍ਹਾਂ ਕਿਹਾ ਕਰਤਾਰਪੁਰ ਦੇ ਚੱਲ ਰਹੇ ਵਿਕਾਸ ਕੰਮਾਂ ਵਿੱਚ ਤੇਜੀ ਲਿਆਦੀ ਜਾਵੇਗੀ ਅਤੇ ਹੋਰ ਨਵੇਂ ਕੰਮ ਵੀ ਜਲਦੀ ਸ਼ੁਰੂ ਕੀਤੇ ਜਾਣਗੇ, ਸਫਾਈ



ਪ੍ਰਬੰਧ ਹੋਰ ਠੀਕ ਕੀਤੇ ਜਾਣਗੇ। ਬਜਾਰਾਂ ਵਿੱਚ ਕੀਤੇ ਨਜਾਇਜ਼ ਕਬਜ਼ੇ ਸਖਤੀ ਨਾਲ ਚੁਕਾਏ ਜਾਣਗੇ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਸਟਾਫ ਨਾਲ ਸਹਿਯੋਗ ਕਰਨ।

# +2 ਵਿਚੋਂ 96% ਅੰਕ ਪ੍ਰਾਪਤ ਕਰਨ ਵਾਲੀ ਮੇਘਾ ਸ਼ਰਮਾ ਨੂੰ ਯੂਵਾ ਬ੍ਰਾਹਮਣ ਸਭਾ ਨੇ ਸਨਮਾਨਿਤ ਕੀਤਾ

ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ ) ਕਰਤਾਰਪੁਰ ਨਿਵਾਸੀ ਮੇਘਾ ਸ਼ਰਮਾ ਪੁੱਤਰੀ ਸ਼ਾਮ ਸ਼ਰਮਾ ਨੇ +2 ਕਾਮਰਸ ਵਿੱਚ 96 ਪ੍ਰਤੀਸ਼ਤ ਅੰਕ ਪ੍ਰਾਪਤ ਕਰਨ ਤੇ ਯੂਵਾਂ ਬ੍ਰਾਹਮਣ ਸਭਾ ਕਰਤਾਰਪੁਰ ਵਲੋ ਮੇਘਾ ਨੂੰ ਬੀ ਕਾਮ ਪਹਿਲਾਂ ਸਾਲ ਦੀਆਂ ਕਿਤਾਬਾਂ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਹੋਰ ਜਿਆਦਾ ਮਿਹਨਤ ਕਰਕੇ ਹੋਰ ਵੀ ਵੱਧੀਆਂ ਨੰਬਰ ਲਿਆਉਣ ਲਈ ਪ੍ਰੇਰਿਤ ਕੀਤਾ। ਇਸ ਮੋਕੇ ਯੂਵਾਂ ਬ੍ਰਾਹਮਣ ਸਭਾ ਦੇ ਪ੍ਰਧਾਨ ਰਾਕੇਸ਼ ਸ਼ਰਮਾ ਸਵੀਟੀ, ਅਨੀਲ ਸ਼ਰਮਾ, ਵਰਿੰਦਰ ਬਿੱਲਾ, ਰਾਜੇਸ਼ ਸ਼ਰਮਾ, ਦੀਪਕ ਸ਼ਾਰਧਾ, ਬੰਕੇਸ਼ ਸ਼ਰਮਾ, ਵਿਜੈ ਕਾਲੀਆਂ, ਰਾਮ ਸ਼ਰਮਾ, ਸ਼ਾਮ ਸ਼ਰਮਾ ਆਦਿ ਹਾਜਰ ਸਨ।



# ਭੁਲੱਥ ਵਿੱਚ ਪੱਤਰਕਾਰ ਮੋਹਟਾ ਦੀ ਅਚਾਨਕ ਮੌਤ ਕਰਕੇ ਇਲਾਕੇ ਵਿਚ ਛਾਇਆ ਸੋਗ

ਭੁਲੱਥ (ਸਟਾਫ਼ ਬਿਊਰੋ) ਮਿਤੀ 4-8-2021 ਨੂੰ ਹਲਕੇ ਵਿੱਚ ਸਨਾਟਾ ਛਾ ਗਿਆ ਜਦੋਂ ਪਤਾ ਲੱਗਾ ਕਿ ਸੀਨੀਅਰ ਅਤੇ ਸੂਝਵਾਨ ਪੱਤਰਕਾਰ ਕੁਲਵਿੰ- ਦਰ ਸਿੰਘ ਮੋਹਟਾ ਦੀ ਅਚਾਨਕ ਮੌਤ ਹੋ ਗਈ। ਮੋਹਟਾ ਇਕ ਵਧੀਆ ਇਨਸਾਨ ਸਨ ਅਤੇ ਉਹਨਾ ਨੇ B.A.(M.A) Economics ਕੀਤੀ ਹੋਈ ਸੀ ਤੇ ਉਹ ਇਕ ਸੂਝਵਾਨ ਪੱਤਰਕਾਰ ਸਨ । ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਸਰਪ੍ਰਸਤ ਜੇ ਐੱਸ ਸੰਧੂ, ਸੂਬਾ ਜਨਰਲ ਸਕੱਤਰ ਸਤੀਸ਼ ਜੌੜਾ, ਕੈਸ਼ੀਅਰ ਅਮ੍ਰਿਤਪਾਲ ਸਿੰਘ ਸਫਰੀ, ਕੋਆਰਡੀਨੇਟਰ ਪ੍ਰਿਤਪਾਲ ਸਿੰਘ, ਕਪੂਰਥਲਾ ਦੇ ਜਿਲਾ ਪ੍ਰਧਾਨ ਪ੍ਰੀਤ ਸੰਗੋਜਲਾ, ਚੈਅਰਮੈਨ ਜੋਗਿੰਦਰ ਸਿੰਘ ਜਾਤੀਕੇ, ਸੀਨੀਅਰ ਪੱਤਰਕਾਰ ਡਾ. ਅਰੁਣ ਕੁਮਾਰ, ਪ੍ਰੈਸ ਕਲੱਬ ਭੁਲੱਥ ਦੇ ਸਰਪ੍ਰਸਤ ਡਾਕਟਰ ਮੇਹਰ ਚੰਦ ਸਿੱਧੂ, ਚੈਅਰਮੈਨ ਸ੍ਰੀ ਰਜਿੰਦਰ ਕੁਮਾਰ ਭੱਟੀ, ਪ੍ਰਧਾਨ ਸੁਖਜਿੰਦਰ ਸਿੰਘ ਮੁਲਤਾਨੀ, ਵਾਇਸ ਚੇਅਰਮੈਨ ਬੀਬੀ ਮਨਜੀਤ ਕੌਰ ਲਾਲੀਆ, ਭੂਪੇਸ਼ ਸ਼ਰਮਾ, ਯਗੋਸ ਸ਼ਰਮਾਂ, ਕੰਨੂੰ ਉਹਨਾਂ ਨੂੰ ਅੰਤਿਮ ਵਿਦਾਇਗੀ ਦੇਣ ਪਹੁੰਚੇ ਆਮ ਆਦਮੀ ਪਾਰਟੀ ਆਗੂ ਰਣਜੀਤ ਸਿੰਘ ਰਾਣਾ ਭੁਲੱਥ, ਬਸਪਾ ਜ਼ਲ੍ਹਿਾ ਵਾਈਸ ਪ੍ਰਧਾਨ ਪਰਗਟ ਕੁਮਾਰ ਸੰਧੂ, ਅਮਨਦੀਪ ਭੱਟੀ ਵਾਈਸ ਪ੍ਰਧਾਨ ਬਹੁਜਨ ਸਮਾਜ ਪਾਰਟੀ, ਜ਼ਲ੍ਹਿਾ ਮੀਤ ਪ੍ਰਧਾਨ ਸਰਦਾਰ ਮਸੀਹ, ਜਗਤਾਰ ਸਿੰਘ ਬਿੱਟੂ ਹਲਕਾ ਪ੍ਰਧਾਨ ਭੁਲੱਥ, ਸਿਮਰਜੀਤ ਨਡਾਲਾ, ਬਸਪਾ ਸਿਟੀ ਪ੍ਰਧਾਨ ਇਮਾਨੀਅਲ ਮਾਨ,ਬਿੰਦਰ ਮਸੀਹ, ਅਸ਼ਵਨੀ ਕੁਮਾਰ ਨਡਾਲਾ, ਸੁਖਦੇਵ ਬੱਬੀ, ਡਾਕਟਰ ਗੁਰਮੇਜ, ਗੁਰਪ੍ਰੀਤ ਸਿੰਘ ਚੀਦਾ, ਡਾ. ਗੁਰਮੀਤ ਥਾਪਰ ਮੀਤ ਕੌਮੀ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਪੰਜਾਬ, ਤਿਲਕ ਰਾਜ ਸੱਭਰਵਾਲ, ਬਾਬਾ ਦੀਪਕ ਸ਼ਾਹ, ਸਮੂਹ ਪੱਤਰਕਾਰ ਭਾਈਚਾਰੇ ਨੇ ਵੀ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ। ਇੰਦਰਜੀਤ ਸਿੰਘ ਮਾਨਾਤਲਵੰਡੀ, ਬਲਵੀਰ ਸਿੰਘ ਮਾਨਾਤਲਵੰਡੀ, ਅਸ਼ਵਨੀ ਚਾਵਲਾ, ਬਲਦੇਵ ਰਾਜ ਸਾਹਨੀ ਅਤੇ ਬਾਕੀ ਹੋਰ ਵੀ ਆਗੂਆਂ ਵੱਲੋਂ ਪਰਿਵਾਰ ਨਾਲ ਅਫਸੋਸ ਕੀਤਾ ਗਿਆ।



# ਕੱਚੇ ਅਧਿਆਪਕਾਂ ਨੇ ਬੰਦ ਕੀਤੇ ਸਿੱਖਿਆ ਬੋਰਡ ਦੇ ਗੇਟ



ਐਸ.ਏ.ਐਸ. ਨਗਰ (ਮੁਹਾਲੀ) ਕੱਚੇ ਅਧਿਆਪਕ ਯੂਨੀਅਨ ਪੰਜਾਬ ਅਤੇ ਸਿੱਖਿਆ ਪ੍ਰੋਵਾਈਡਰ ਸਮੇਤ ਹੋਰਨਾਂ ਅਧਿਆਪਕ ਯੂਨੀਅਨਾਂ ਵੱਲੋਂ ਮੰਗਾਂ ਦੇ ਹੱਕ ਵਿੱਚ ਸਿੱਖਿਆ ਭਵਨ ਦੇ ਬਾਹਰ ਚੱਲ ਰਿਹਾ ਲੜੀਵਾਰ ਧਰਨਾ ਅੱਜ 50ਵੇਂ ਦਿਨ ਵਿੱਚ ਦਾਖ਼ਲ ਹੋ ਗਿਆ। ਝੂਠੇ ਲਾਰਿਆਂ ਤੋਂ ਅੱਕੇ ਕੱਚੇ ਅਧਿਆਪਕਾਂ ਨੇ ਅੱਜ ਗੁਪਤ ਐਕਸ਼ਨ ਕਰਦਿਆਂ ਸਿੱਖਿਆ ਭਵਨ ਅਤੇ ਸਕੂਲ ਬੋਰਡ ਦੇ ਸਾਰੇ ਗੇਟਾਂ ਦੀ ਘੇਰਾਬੰਦੀ ਕਰਕੇ ਸਿੱਖਿਆ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦਫ਼ਤਰਾਂ ਵਿੱਚ ਨਹੀਂ ਜਾਣ ਦਿੱਤਾ।

ਮੁਹਾਲੀ ਪੁਲੀਸ ਨੇ ਪ੍ਰਦਰਸ਼ਨਕਾਰੀਆਂ ਨੂੰ ਅਜਿਹਾ ਕਰਨ ਤੋਂ ਰੋਕਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਉਹ ਗੇਟ ਬੰਦ ਕਰਨ ਵਿੱਚ ਸਫ਼ਲ ਹੋ ਗਏ। ਸਿੱਖਿਆ ਵਿਭਾਗ ਅਤੇ ਬੋਰਡ ਦਾ ਕੋਈ ਵੀ ਅਧਿਕਾਰੀ ਅਤੇ ਕਰਮਚਾਰੀ ਦਫ਼ਤਰ ਨਹੀਂ ਪਹੁੰਚ ਸਕੇ। ਇਸ ਦੌਰਾਨ ਪੁਲੀਸ ਨੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਪਰ ਉਹ ਨਹੀਂ ਮੰਨੇ। ਕੱਚੇ ਅਧਿਆਪਕਾਂ ਨੇ ਕਿਹਾ ਕਿ ਉਨ੍ਹਾਂ ਦੀ ਮੀਟਿੰਗ ਤੈਅ ਕਰਵਾਈ ਜਾਵੇ। ਇਸ ਤੋਂ ਘੱਟ ਉਨ੍ਹਾਂ ਨੂੰ ਕੋਈ ਗੱਲ ਮਨਜ਼ੂਰ ਨਹੀਂ। ਇਸ ਮੌਕੇ ਸੂਬਾ ਕਨਵੀਨਰ ਅਜਮੇਰ ਸਿੰਘ ਔਲਖ ਤੇ ਗਗਨਦੀਪ ਕੌਰ ਅਬੋਹਰ ਨੇ ਕਿਹਾ ਕਿ ਜੇ ਸਰਕਾਰ ਨੇ ਤੁਰੰਤ ਮੰਗਾਂ ਨਾ ਮੰਨੀਆਂ ਤਾਂ 15 ਅਗਸਤ ਨੂੰ ਆਜ਼ਾਦੀ ਸਮਾਗਮਾਂ ਨੇੜੇ ਰੋਸ ਮੁਜ਼ਾਹਰੇ ਕੀਤੇ ਜਾਣਗੇ।

# ਪਹਿਲੇ 'ਮੇਕ ਇਨ ਇੰਡੀਆ' ਜੰਗੀ ਬੇੜੇ ਵਿਕਰਾਂਤ ਦੀ ਅਜ਼ਮਾਇਸ਼ ਸ਼ੁਰੂ



ਨਵੀਂ ਦਿੱਲੀ। ਭਾਰਤ ਵਿੱਚ ਤਿਆਰ ਪਹਿਲੇ ਜੰਗੀ ਜਹਾਜ਼ 'ਵਿਕਰਾਂਤ' ਦੀ ਅੱਜ ਸਮੁੰਦਰ ਵਿੱਚ ਅਜ਼ਮਾਇਸ਼ ਸ਼ੁਰੂ ਹੋ ਗਈ ਹੈ। ਇਹ ਦੇਸ਼ ਵਿੱਚ ਤਿਆਰ ਸਭ ਤੋਂ ਵੱਡਾ ਜੰਗੀ ਬੇੜਾ ਹੈ, ਜਿਸ 'ਤੇ 30 ਲੜਾਕੂ ਜਹਾਜ਼ ਅਤੇ ਹੈਲੀਕਾਪਟਰ ਤਾਇਨਾਤ ਕੀਤੇ ਜਾ ਸਕਦੇ ਹਨ।

ਭਾਰਤੀ ਜਲ ਸੈਨਾ ਨੇ ਇਸ ਮੌਕੇ ਨੂੰ ਦੇਸ਼ ਲਈ 'ਮਾਣ ਮਹਿਸੂਸ ਕਰਨ ਵਾਲਾ ਅਤੇ ਇਤਿਹਾਸਕ' ਦਿਨ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਹੀ ਭਾਰਤ ਉਨ੍ਹਾਂ ਚੋਣਵੇਂ ਦੇਸ਼ਾਂ ਵਿੱਚ ਸ਼ਾਮਲ ਹੋ ਗਿਆ ਹੈ, ਜਿਸ ਕੋਲ ਦੇਸ਼ ਵਿੱਚ ਡਿਜ਼ਾਈਨ ਕਰਨ, ਬਣਾਉਣ ਅਤੇ ਅਤਿ-ਆਧੁਨਿਕ ਜੰਗੀ ਬੇੜਾ ਤਿਆਰ ਕਰਨ ਦੀ ਵਿਸ਼ੇਸ਼ ਸਮਰੱਥਾ ਹੈ। ਵਿਕਰਾਂਤ ਦਾ ਭਾਰ 40,000 ਟਨ ਹੈ ਅਤੇ ਇਹ ਪਹਿਲੀ ਵਾਰ ਸਮੁੰਦਰ ਵਿੱਚ ਅਜ਼ਮਾਇਸ਼ ਲਈ ਤਿਆਰ ਹੈ। ਜ਼ਿਕਰਯੋਗ ਹੈ ਕਿ ਇਸੇ ਨਾਮ ਦੇ ਇੱਕ ਜਹਾਜ਼ ਨੇ 50 ਸਾਲ ਪਹਿਲਾਂ 1971 ਦੀ ਜੰਗ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਏਅਰਕਰਾਫਟ ਬੇੜੇ ਨੂੰ, ਇਸ ਦੇ ਲੜਾਕੂ ਜਹਾਜ਼ਾਂ ਦੀ ਅਜਮਾਇਸ਼ ਪੂਰੀ ਕਰਨ ਮਗਰੋਂ, ਅਗਲੇ ਸਾਲ ਦੀ ਦੂਜੀ ਛਿਮਾਹੀ ਵਿੱਚ ਭਾਰਤੀ ਜਲ ਸੈਨਾ ਵਿੱਚ ਸ਼ਾਮਲ ਕੀਤੇ ਜਾਣ ਦੀ ਉਮੀਦ ਹੈ। ਇਸ ਨੂੰ ਬਣਾਉਣ 'ਤੇ 23000 ਕਰੋੜ ਰੁਪਏ ਖ਼ਰਚਾ ਆਇਆ ਹੈ।

ਭਾਰਤੀ ਜਲ ਸੈਨਾ ਦੇ ਤਰਜਮਾਨ ਕਮਾਂਡਰ ਵਿਵੇਕ ਮਧਵਾਲ ਨੇ ਕਿਹਾ, ''ਆਤਮਨਿਰਭਰ ਭਾਰਤ ਅਤੇ ਮੇਕ ਇਨ ਇੰਡੀਆ ਪਹਿਲ ਵਿੱਚ ਇਹ ਮਾਣ ਮਹਿਸੂਸ ਕਰਨ ਵਾਲਾ ਅਤੇ ਇਤਿਹਾਸਕ ਪਲ ਹੈ।'' ਇਹ ਜੰਗੀ ਬੇੜਾ ਲਗਪਗ 262 ਮੀਟਰ ਲੰਬਾ ਅਤੇ 62 ਮੀਟਰ ਚੌੜਾ ਹੈ। ਇਸ ਨੂੰ ਕੋਚੀਨ ਸ਼ਿਪਯਾਰਡ ਲਿਮਿਟਡ ਨੇ ਤਿਆਰ ਕੀਤਾ ਹੈ। ਜੂਨ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜੰਗੀ ਬੇੜੇ ਦੇ ਨਿਰਮਾਣ ਦਾ ਜਾਇਜ਼ਾ ਲਿਆ ਸੀ। ਇਸ ਜਹਾਜ਼ 'ਤੇ 30 ਲੜਾਕੂ ਜਹਾਜ਼ ਅਤੇ ਹੈਲੀਕਾਪਟਰ ਤਾਇਨਾਤ ਕੀਤੇ ਜਾ ਸਕਦੇ ਹਨ। ਜੰਗੀ ਬੇੜੇ 'ਤੇ ਮਿੱਗ-29ਕੇ ਲੜਾਕੂ ਜਹਾਜ਼ਾਂ ਅਤੇ ਕੇਏ-31 ਹੈਲੀਕਾਪਟਰਾਂ ਦਾ ਇੱਕ ਬੇੜਾ ਹੋਵੇਗਾ। ਭਾਰਤ ਕੋਲ ਇਸ ਸਮੇਂ ਸਿਰਫ਼ ਇੱਕ ਜੰਗੀ ਬੇੜਾ 'ਆਈਐੱਨਐੱਸ ਵਿਕਰਮਾਦਿੱਤਿਆ' ਹੈ।

# ਸਾਬਕਾ ਖਜਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਦਾ ਗੜ੍ਹਦੀਵਾਲਾ ਪਹੁੰਚਣ ਤੇ ਨਿੱਘਾ ਸਵਾਗਤ

ਗੜ੍ਹਦੀਵਾਲਾ (ਜਸਵੀਰ ਸਿੰਘ ਪੁਰੇਵਾਲ) : ਅੱਜ ਸਾਬਕਾ ਖਜਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਦਾ ਗੜ੍ਹਦੀਵਾਲਾ ਪਹੁੰਚਣ ਤੇ ਜਿਲਾ ਪ੍ਰਧਾਨ ਅਕਾਲੀ ਦਲ ਸੰਯੁਕਤ ਦੇ ਜਿਲਾ ਪ੍ਰਧਾਨ ਸਤਵਿੰਦਰਪਾਲ ਸਿੰਘ ਢੱਟ,ਪਰਮਿੰਦਰ ਸਿੰਘ ਪੰਨੂ, ਦੇਹਾਤੀ ਪ੍ਰਧਾਨ ਗੜ੍ਹਦੀਵਾਲਾ ਜਗਤਾਰ ਸਿੰਘ ਬਲਾਲਾ, ਸ਼ਹਿਰੀ ਪ੍ਰਧਾਨ ਗੜ੍ਹਦੀਵਾਲਾ ਮਨਜੀਤ ਸਿੰਘ ਰੋਬੀ, ਦੇਸ ਰਾਜ ਧੁੱਗਾ ਅਤੇ ਹੋਰ ਵਰਕਰਾਂ ਅਤੇ ਸਮਰਥਕਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਬਣਾਈ ਗਈ ਸਪੈਸ਼ਲ ਟਾਸਕ ਫੋਰਸ ਪਰ ਟਿਪਣੀ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਕਿ ਪਿਛਲੀ ਐਸ ਆਈ ਦੀ ਅਦਾਲਤ ਵਿੱਚ ਬੰਦ ਪਈ ਰਿਪੋਰਟ ਪਰ ਪਹਿਲੇ ਸਰਕਾਰ ਕਾਰਵਾਈ ਕਰੇ। ਜਿਸ ਵਿੱਚ ਨਸ਼ਿਆਂ ਨੂੰ ਚਲਾਉਣ ਵਾਲੇ ਵੱਡੇ ਮਗਰਮੱਛਾਂ ਦੇ ਨਾਂ ਸ਼ਾਮਲ ਹਨ। ਪੰਜਾਬ ਦੇ ਨਵੇਂ ਕਾਂਗਰਸ ਪ੍ਰਦੇਸ਼ ਪ੍ਰਧਾਨ ਨਵਜੋਤ ਸਿੰਘ ਸਿੱਧੂ ਵਲੋਂ ਕੈਪਟਨ ਅਮਰਿੰਦਰ ਸਿੰਘ ਨੂੰ ਲਿੱਖੀ ਗਈ ਚਿੱਟੀ ਇੱਕ ਬੇਟੇ ਵਲੋਂ ਬਾਪ ਨੂੰ ਲਿਖੀ ਗਈ ਚਿੱਠੀ ਹੈ।ਚਿੱਠੀਆਂ ਲਿਖਣਾ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਗਰ ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਕੌਰ ਸਿੱਧੂ ਨੂੰ ਪੰਜਾਬ ਦੇ ਲੋਕਾਂ ਦੀ ਇੰਨੀ ਫਿਕਰ ਹੈ ਤਾਂ ਪੰਜਾਬ ਦੀਆਂ ਸੜਕਾਂ ਤੇ ਰੁਲ ਰਹੇ ਹਜਾਰਾਂ ਦੀ ਤਾਦਾਤ ਵਿਚ ਅਧਿਆਪਕਾਂ ਨੂੰ ਪੰਜਾਬ ਸਰਕਾਰ ਵਲੋਂ ਜਲਦ ਪੱਕਾ ਕੀਤਾ ਜਾਵੇ ਅਤੇ ਉਨ੍ਹਾਂ ਬਣਦਾ ਹੱਕ ਅਤੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਜਲਦ ਬਹਾਲ ਕੀਤੀ ਜਾਵੇ।



ਉਨਾਂ ਕਿਹਾ ਅੱਜ ਹਲਕਾ ਟਾਂਡਾ ਵਿਖੇ ਪਾਰਟੀ ਦੇ ਦਫਤਰ ਦਾ ਉਦਘਾਟਨ ਕੀਤਾ ਜਾਵੇਗਾ ਤਾਂ ਕਿ ਪਾਰਟੀ ਵਲੋਂ ਰਾਜਨੀਤਕ ਵਿਸਥਾਰ ਅਤੇ ਆਮ ਜਨਤਾ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕੀਤਾ ਜਾ ਸਕੇ। ਇਸ ਮੌਕੇ ਕੁਲਵਿੰਦਰ ਸਿੰਘ ਜੰਡਾ, ਮਨਜੀਤ ਸਿੰਘ, ਹਰਕਮਲਜੀਤ ਸਿੰਘ ਸਹੋਤਾ, ਲੱਕੀ ਸ਼ਰਮਾ, ਕਰਮਜੀਤ ਸਿੰਘ ਮੱਲੀ, ਹਰਵਿੰਦਰ ਸਿੰਘ ਸਾਬਕਾ ਸਰਪੰਚ, ਹਰਵਿੰਦਰ ਸਿੰਘ ਲੰਬੜ ਗੁਰਮੀਤ ਸਿੰਘ ਜੱਜ, ਧਰਮ ਸਿੰਘ, ਜਗਜੀਤ ਸਿੰਘ,ਅਮਰੀਕ ਸਿੰਘ ਕੁਲੀਆਂ,ਅਮਰਜੀਤ ਸਿੰਘ, ਅਜਮੇਰ ਸਿੰਘ, ਸੁੱਚਾ ਸਿੰਘ ਸਮੇਤ ਭਾਰੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਮਰਥਕ ਹਾਜਰ ਸਨ।.

# ਗੜ੍ਹਦੀਵਾਲਾ ਵਿਖੇ ਅਜ਼ਾਦੀ ਘੁਲਾਟੀਆਂ ਦੇ ਵਾਰਸਾਂ ਦੀ ਹੋਈ ਅਹਿਮ ਮੀਟਿੰਗ

ਹੁਸ਼ਿਆਰਪੁਰ/ਗੜ੍ਹਦੀਵਾਲਾ (ਜਸਵੀਰ ਸਿੰਘ ਪੁਰੇਵਾਲ) ਅਜ਼ਾਦੀ ਘੁਲਾਟੀਆਂ ਦੇ ਵਾਰਸਾਂ ਦੀ ਮੀਟਿੰਗ ਬਾਬਾ ਧਰਮ ਦਾਸ ਜੀ ਦੇ ਸਥਾਨ ਗੜ੍ਹਦੀਵਾਲਾ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਸ.ਅਵਤਾਰ ਸਿਘ ਅਤੇ ਹਰਦੀਪ ਸਿੰਘ ਸਮਰਾ ਨੇ ਕੀਤੀ। ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਜੀ ਨੇ ਵਿਸ਼ੇਸ਼ ਤੌਰ ਤੇ ਸੁਨਾਮ ਸ਼ਹਿਰ ਵਿੱਚ ਸ਼ਹੀਦ ਉਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ 31/07/2021 ਨੂੰ ਮਨਾਉਣ ਆਏ ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਤੇ ਪੁਲਿਸ ਵੱਲੋਂ ਲਾਠੀਚਾਰਜ ਕਰਨ ਤੇ ਭਾਰੀ ਰੋਸ ਪ੍ਰਗਟ ਕੀਤਾ।ਉਨਾਂ ਕਿਹਾ ਕਿ ਮੌਜੂਦਾ ਸਰਕਾਰ ਦੇਸ਼ ਭਗਤਾਂ ਦੇ ਪਰਿਵਾਰਾਂ ਦੀ ਇਹ ਹਾਲਤ ਕਰ ਸਕਦੀ ਹੈ ਤਾਂ ਬਾਕੀ ਆਮ ਗਰੀਬ ਪਰਿਵਾਰਾਂ ਦੀ ਕੀ ਹਾਲਤ ਹੋਵੇਗੀ। ਉਹਨਾਂ ਕਿਹਾ ਕਿ ਮੌਜੂਦਾ ਹਾਲਾਤ ਅਨੁਸਾਰ ਕਿਸਾਨ ਮਾਰ ਹੇਠਾਂ ਆਇਆ ਹੈ ਜੋ ਕਿ ਸਾਰੀ ਦੁਨੀਆ ਦਾ ਅੰਨਦਾਤਾ ਹੈ ਅਤੇ ਕਿਸਾਨਾਂ ਦੀ ਸਾਰ ਲੈਣ ਵਾਲਾ ਕੋਈ ਨਹੀਂ ਹੈ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਡਾਕਟਰ ਜਿਨ੍ਹਾਂ ਨੂੰ ਦੂਸਰਾ ਰੱਬ ਮੰ- ਨਿਆ ਜਾਂਦਾ ਹੈ ਉਹਨਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਡਾਕਟਰਾਂ ਦੀਆਂ ਮੁਸ਼ਕਿਲਾਂ ਤੁਰੰਤ ਹੱਲ ਕੀਤੀਆਂ ਜਾਣ ਅਤੇ ਟੀਚਰ ਤੇ ਆਂਗਣਵਾੜੀ ਵਰਕਰਾਂ ਦੀਆਂ ਮੰਗਾਂ ਵੱਲ ਵੀ ਧਿਆਨ ਦਿੱਤਾ ਜਾਵੇ। ਅਜ਼ਾਦੀ ਘੁਲਾਟੀਏ ਦੇ ਪਰਿਵਾਰਾਂ ਦੀਆਂ ਰਹਿੰਦੀਆਂ



ਮੰਗਾਂ ਤੁਰੰਤ ਜਾਰੀ ਕੀਤੀਆਂ ਜਾਣ। ਇਸ ਮੌਕੇ ਵਿਸ਼ੇਸ ਤੌਰ ਤੇ ਮਨਦੀਪ ਸਿੰਘ ਜੰਡੋਰ,ਅਮਰਦੀਪ ਸਿੰਘ ਬਾਠ, ਜਰਨੈਲ ਸਿੰਘ ਲੰਬੜਦਾਰ, ਹੀਰਾਪੁਰੀ,ਵਿਜੈ ਕੁਮਾਰ ਜਸਵੀਰ ਸਿੰਘ, ਪ੍ਰਗਟ ਸਿੰਘ, ਡਾਕਟਰ ਜਸਪਾਲ, ਹਰਭਜਨ ਸਿੰਘ, ਜਤਿੰਦਰ ਕੌਰ, ਬਲਦੀਪ ਕੌਰ, ਬਿਪਨ ਕੁਮਾਰ ਆਦਿ ਸ਼ਾਮਲ ਸਨ।

# ਮੱਧ ਪ੍ਰਦੇਸ਼ ਦੇ 1200 ਤੋਂ ਵੱਧ ਪਿੰਡ ਹੜ੍ਹ ਦੀ ਲਪੇਟ 'ਚ ਆਏ

ਭੋਪਾਲ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਦੱਸਿਆ ਕਿ ਸੂਬੇ ਦੇ ਉੱਤਰੀ ਹਿੱਸੇ ਵਿੱਚ ਭਾਰੀ ਮੀਂਹ ਕਾਰਨ ਹੜ੍ਹਾਂ ਦੀ ਸਥਿਤੀ ਗੰਭੀਰ ਹੋ ਗਈ ਹੈ ਤੇ ਆਫ਼ਤ ਪ੍ਰਬੰਧਨ ਤੇ ਸੁਰੱਖਿਆ ਬਲਾਂ ਦੀ ਸਹਾਇਤਾ ਨਾਲ 5950 ਵਿਅਕਤੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ 1950 ਵਿਅਕਤੀ ਅਜੇ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਫਸੇ ਹੋਏ ਹਨ, ਜਿਨ੍ਹਾਂ ਨੂੰ ਬਚਾਉਣ ਲਈ ਰਾਹਤ ਕਾਰਜ ਜਾਰੀ ਹਨ।

ਮੁੱਖ ਮੰਤਰੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸ਼ਿਵਪੁਰੀ ਤੇ ਗਵਾਲੀਅਰ ਵਿਚਕਾਰ ਰੇਲ ਸੇਵਾ ਤੇ ਮੁਰੈਨਾ ਵਿੱਚ ਸੰਚਾਰ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਹਨ। ਅੱਜ ਹੈਲੀਕੈਪਟਰਾਂ ਰਾਹੀਂ ਬਚਾਅ ਕਾਰਜ ਸ਼ੁਰੂ ਕੀਤਾ ਗਿਆ, ਜਦਕਿ ਬੀਤੇ ਦਿਨ ਖ਼ਰਾਬ ਮੌਸਮ ਕਾਰਨ ਬਚਾਅ ਕਾਰਜ ਪ੍ਰਭਾਵਿਤ ਹੋਏ ਸਨ। ਉਨ੍ਹਾਂ ਨੇ ਅੱਜ ਦੁਪਹਿਰ ਵੇਲੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਹਵਾਈ ਸਰਵੇਖਣ ਵੀ ਕੀਤਾ। ਉਨ੍ਹਾਂ ਦੱਸਿਆ ਕਿ ਕੁਝ ਖੇਤਰਾਂ ਵਿੱਚ ਪਾਣੀ ਦਾ ਪੱਧਰ ਘਟ ਰਿਹਾ ਹੈ। ਸ਼ਿਓਪੁਰ ਜ਼ਲ੍ਹਿੇ ਦੇ ਕੁਝ ਪਿੰਡ ਪੂਰੀ ਤਰ੍ਹਾਂ ਪਾਣੀ 'ਚ ਘਿਰ ਗਏ ਹਨ ਪਰ ਉੱਥੇ ਫਸੇ ਕੁਝ ਲੋਕ ਸੁਰੱਖਿਅਤ ਹਨ। ਇਸ ਤੋਂ ਇਲਾਵਾ ਦਤੀਆ ਜ਼ਲ੍ਹਿੇ ਵਿੱਚ ਕੁਝ ਥਾਵਾਂ 'ਤੇ ਲੋਕਾਂ ਨੂੰ ਹੈਲੀਕਾਪਟਰ ਦੀ ਮਦਦ ਨਾਲ ਬਚਾਇਆ ਗਿਆ ਹੈ ਕਿਉਂਕਿ ਇੱਥੇ ਹੜ੍ਹ ਕਾਰਨ ਸਾਰੀਆਂ ਮੁੱਖ ਸੜਕਾਂ ਬੰਦ ਹਨ।

ਮੁੱਖ ਮੰਤਰੀ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਗੱਲਬਾਤ ਕੀਤੀ ਤੇ ਹੜ੍ਹਾਂ ਦੀ ਸਥਿਤੀ ਤੋਂ ਜਾਣੂ ਕਰਵਾਇਆ। ਸ੍ਰੀ ਮੋਦੀ ਨੇ ਟਵੀਟ ਕੀਤਾ, 'ਕੇਂਦਰ ਸਰਕਾਰ, ਮੱਧ ਪ੍ਰਦੇਸ਼ 'ਚ ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਲੋਕਾਂ ਦੀ ਮਦਦ ਲਈ ਸੂਬਾ ਸਰਕਾਰ ਨਾਲ ਮਿਲ ਕੇ ਕੰਮ ਕਰ ਰਹੀ ਹੈ। ਮੈਂ, ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਗੱਲਬਾਤ ਕਰ ਕੇ ਸਥਿਤੀ ਦਾ ਜਾਇਜ਼ਾ ਲਿਆ ਹੈ।' ਟੈਲੀਫੋਨ 'ਤੇ ਹੋਈ ਗੱਲਬਾਤ ਦੌਰਾਨ ਸ੍ਰੀ ਸ਼ਾਹ ਨੇ ਹਾਲਾਤ ਨਾਲ ਨਿਪਟਣ ਲਈ ਮੱਧ ਪ੍ਰਦੇਸ਼ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ।

## ਰਾਜਸਥਾਨ ਵਿੱਚ ਕੰਧ ਡਿੱਗਣ ਕਾਰਨ 5 ਜੀਅ ਹਲਾਕ



ਜੈਪੁਰ। ਰਾਜਸਥਾਨ ਦੇ ਬੂੰਦੀ ਜ਼ਲ੍ਹਿੇ ਵਿੱਚ ਤੇਜ਼ ਮੀਂਹ ਪੈਣ ਮਗਰੋਂ ਘਰ ਦੀ ਕੰਧ ਡਿੱਗਣ ਕਾਰਨ ਪਰਿਵਾਰ ਦੇ ਪੰਜ ਜੀਆਂ ਦੀ ਮੌਤ ਹੋ ਗਈ। ਪੁਲੀਸ ਨੇ ਦੱਸਿਆ ਕਿ ਮਲਬੇ ਵਿੱਚ ਪਰਿਵਾਰ ਦੇ ਦੋ ਹੋਰ ਜੀਆਂ ਦੇ ਦੱਬੇ ਹੋਣ ਦਾ ਸ਼ੱਕ ਹੈ। ਉਨ੍ਹਾਂ ਦੱਸਿਆ ਕਿ ਘਟਨਾ ਨਵਘਾਟ ਖੇਤਰ ਵਿੱਚ ਮੰਗਲਵਾਰ ਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਵਾਪਰੀ। ਉਧਰ ਹਾਦੌਤੀ ਖੇਤਰ ਵਿੱਚ ਲਗਾਤਾਰ ਮੀਂਹ ਪੈਣ ਕਾਰਨ ਕਈ ਇਲਾਕਿਆਂ ਵਿੱਚ ਹੜ੍ਹ ਵਰਗੀ ਸਥਿਤੀ ਬਣ ਗਈ ਹੈ। ਇਸ ਕਾਰਨ ਕਰੀਬ ਸੌ ਤੋਂ ਜ਼ਿਆਦਾ ਪਿੰਡਾਂ ਦਾ ਸੜਕ ਨਾਲੋਂ ਸੰਪਰਕ ਟੁੱਟ ਗਿਆ ਹੈ। ਮੁੱਖ ਮੰਤਰੀ ਅਸ਼ੋਕ ਗਹਿਲੌਤ ਨੇ ਕਿਹਾ ਕਿ ਕੋਟਾ, ਬਾਰਾਂ, ਬੂੰਦੀ ਅਤੇ ਝਾਲਾਵਾੜ ਦੇ ਕੁੱਝ ਖੇਤਰਾਂ ਵਿੱਚ ਭਰਵਾਂ ਮੀਂਹ ਪੈਣ ਕਾਰਨ ਹੜ੍ਹ ਵਰਗੇ ਹਾਲਾਤ ਬਣ ਗਏ ਹਨ। ਪ੍ਰਸ਼ਾਸਨ ਨੂੰ ਰਾਹਤ ਅਤੇ ਬਚਾਅ ਕੰਮਾਂ ਸਬੰਧੀ ਆਦੇਸ਼ ਦਿੱਤੇ ਗਏ ਹਨ।

# ਸੰਸਦ ਠੱਪ ਰਹਿਣ ਲਈ ਸਰਕਾਰ ਜ਼ਿੰਮੇਵਾਰ: ਵਿਰੋਧੀ ਧਿਰਾਂ

ਨਵੀਂ ਦਿੱਲੀ। ਸੰਸਦ 'ਚ ਅੜਿੱਕੇ ਲਈ ਕੇਂਦਰ ਨੂੰ ਬਰਾਬਰ ਦੀ ਜ਼ਿੰਮੇਵਾਰ ਦੱਸਦਿਆਂ 14 ਵਿਰੋਧੀ ਧਿਰਾਂ ਦੇ ਆਗੂਆਂ ਨੇ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਉਹ ਉਨ੍ਹਾਂ ਦੀ ਪੈਗਾਸਸ ਵਿਵਾਦ ਅਤੇ ਕਿਸਾਨਾਂ ਦੇ ਮੁੱਦੇ 'ਤੇ ਬਹਿਸ ਦੀ ਮੰਗ ਮੰਨ ਕੇ ਸੰਸਦੀ ਲੋਕਤੰਤਰ ਦਾ ਸਤਿਕਾਰ ਕਰਨ। 14 ਪਾਰਟੀਆਂ ਦੇ 18 ਆਗੂਆਂ ਨੇ ਸਾਂਝੇ ਬਿਆਨ 'ਚ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਸਰਕਾਰ ਇਕਜੁੱਟ ਹੋਈ ਵਿਰੋਧੀ ਧਿਰ ਨੂੰ ਬਦਨਾਮ ਕਰਨ ਲਈ ਗੁੰਮਰਾਹਕੁਨ ਮੁਹਿੰਮ ਚਲਾ ਰਹੀ ਹੈ ਅਤੇ ਸੰਸਦ ਦੀ ਕਾਰਵਾਈ 'ਚ ਜਾਰੀ ਅੜਿੱਕੇ ਲਈ ਉਸ 'ਤੇ ਦੋਸ਼ ਮੜ੍ਹੇ ਜਾ ਰਹੇ ਹਨ। ਬਿਆਨ 'ਚ ਕਿਹਾ ਗਿਆ ਹੈ ਕਿ ਸਰਕਾਰ ਹੰਕਾਰ ਅਤੇ ਜ਼ਿਦ 'ਚ ਆ ਕੇ ਵਿਰੋਧੀ ਧਿਰ ਦੀ ਮੰਗ ਨੂੰ ਨਹੀਂ ਮੰਨ ਰਹੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਪੈਗਾਸਸ ਮੁੱਦੇ 'ਤੇ ਦੋਵੇਂ ਸਦਨਾਂ 'ਚ ਬਹਿਸ ਅਤੇ ਗ੍ਰਹਿ ਮੰਤਰੀ ਦੇ ਜਵਾਬ ਦੀ ਆਪਣੀ ਮੰਗ 'ਤੇ ਡਟੀਆਂ ਹੋਈਆਂ ਹਨ ਕਿਉਂਕਿ ਜਾਸੂਸੀ ਕਾਰਨ ਕੌਮੀ ਸੁਰੱਖਿਆ ਨੂੰ ਵੀ ਖ਼ਤਰਾ ਪੈਦਾ ਹੋ ਸਕਦਾ ਹੈ। ਵਿਰੋਧੀ ਧਿਰ ਨੇ ਕਿਹਾ ਹੈ ਕਿ ਪੈਗਾਸਸ ਜਾਸੂਸੀ ਕਾਂਡ 'ਤੇ ਬਹਿਸ ਤੋਂ ਬਾਅਦ ਤਿੰਨੋਂ ਖੇਤੀ ਕਾਨੂੰਨਾਂ ਅਤੇ ਕਿਸਾਨਾਂ ਦੀਆਂ ਹੋਰ ਮੰਗਾਂ ਦੇ ਮੁੱਦੇ 'ਤੇ ਵੀ ਬਹਿਸ ਹੋਵੇ। ਇਹ ਬਿਆਨ ਰਾਜ ਸਭਾ 'ਚ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ, ਐੱਨਸੀਪੀ ਮੁਖੀ ਸ਼ਰਦ ਪਵਾਰ, ਡੀਐੱਮਕੇ ਦੇ ਟੀ ਆਰ ਬਾਲੂ, ਤਿਰੁਚੀ ਸ਼ਿਵਾ, ਕਾਂਗਰਸ ਦੇ ਆਨੰਦ ਸ਼ਰਮਾ, ਸਮਾਜਵਾਦੀ ਪਾਰਟੀ ਦੇ ਰਾਮਗੋਪਾਲ ਯਾਦਵ, ਤ੍ਰਿਣਮੂਲ ਕਾਂਗਰਸ ਦੇ ਡੈਰੇਕ 'ਓ ਬ੍ਰਾਇਨ, ਕਲਿਆਣ ਬੈਨਰਜੀ, ਸ਼ਿਵ ਸੈਨਾ ਦੇ ਸੰਜੈ ਰਾਊਤ ਅਤੇ ਵਿਨਾਇਕ ਰਾਊਤ ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ ਹੈ। ਬਿਆਨ 'ਤੇ ਦਸਤਖ਼ਤ ਕਰਨ ਵਾਲਿਆਂ 'ਚ ਆਰਜੇਡੀ ਦੇ ਮਨੋਜ ਝਾਅ, ਸੀਪੀਐੱਮ ਦੇ ਈ ਕਰੀਮ, ਸੀਪੀਆਈ ਦੇ ਬਿਨੋਏ ਵਿਸ਼ਵਮ, ਆਪ ਦੇ ਸੁਸ਼ੀਲ ਗੁਪਤਾ, ਆਈਯੂਐੱਮਐੱਲ ਦੇ ਮੁਹੰਮਦ ਬਸ਼ੀਰ, ਐੱਨਸੀ ਦੇ ਹਸਨੈਨ ਮਸੂਦੀ, ਆਰਐੱਸਪੀ ਦੇ ਐੱਨ ਕੇ ਪ੍ਰੇਮਚੰਦਰਨ ਅਤੇ ਐੱਲਜੇਡੀ ਦੇ ਐੱਮ ਵੀ ਸ਼੍ਰੇਯਮਸ ਕੁਮਾਰ ਸ਼ਾਮਲ ਹਨ।

